

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 1, ਮਾਰਚ 2018 (ਚੇਤ, ਸੰਮਤ ਨਾਨਕਸ਼ਾਹੀ 550) ਮੁੱਖ ਸੰਪਾਦਕ ਦਿਲਜੀਤ ਸਿੰਘ ਬੇਦੀ ਪ੍ਰਕਾਸ਼ਕ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਫੋਨ- 01832553956-60 ਈਮੇਲ- sgpcsargarmiya@gmail.com

## ਸਿੱਖੀ ਸਿਧਾਤਾਂ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਾਰਜ਼ਸ਼ੀਲ ਹੈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਸਿੱਖਾਂ ਦੁਆਰਾ ਅਨੇਕਾਂ ਕੁਰਬਾਨੀਆਂ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਹੋਈ। ਇਸ ਸਿਰਮੌਰ ਸੰਸਥਾ ਦੀ ਸਥਾਪਤੀ ਲਈ ਅਨੇਕਾਂ ਸਿੱਖਾਂ ਦੀਆਂ ਸ਼ਹੀਦੀਆਂ ਹੋਈਆਂ, ਕਈਆਂ ਨੂੰ ਲੰਬੀਆਂ ਜੇਲ੍ਹਾਂ ਕੱਟਣੀਆਂ ਪਈਆਂ ਅਤੇ ਕਈ ਸਿੱਖਾਂ ਦੀਆਂ ਜਾਇਦਾਦਾਂ ਵੀ ਕੁਰਕ ਹੋਈਆਂ। ਲੰਬੀ ਜਦੋ-ਜਹਿਦ ਤੋਂ ਬਾਅਦ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਵਿਅਕਤੀ ਵਿਸ਼ੇਸ ਦੀ ਥਾਂ ਸਿੱਖ ਸੰਗਤਾਂ ਦੇ ਹੱਥ ਆਇਆ। ਸਿੱਖਾਂ ਦੁਆਰਾ ਕੀਤੇ ਗਏ ਸੰਘਰਸ਼ ਅੱਗੇ ਅੰਗਰੇਜ਼ ਹਕੂਮਤ ਨੂੰ ਝੁਕਣਾ ਪਿਆ ਅਤੇ ਅਖੀਰ 1925 ਈ: ਵਿਚ ਗੁਰਦੁਆਰਾ ਐਕਟ ਬਣ ਜਾਣ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਸਾਰ ਦੀ ਪਹਿਲੀ ਲੋਕਤੰਤਰੀ ਢੰਗ ਨਾਲ ਚੁਣੀ ਹੋਈ ਸੰਸਥਾ ਬਣੀ।

ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਇਹ ਸੰਸਥਾ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦੇ ਨਾਲ-ਨਾਲ ਸਿੱਖੀ ਸਿਧਾਤਾਂ ਦੇ ਪ੍ਰਚਾਰ-ਪ੍ਰਸਾਰ ਲਈ ਸਦਾ ਕਾਰਜ਼ਸ਼ੀਲ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਬਹੁਤ ਸਾਰੇ ਨਾਮਵਰ ਸਕੂਲ/ਕਾਲਜ਼ ਚਲਾਏ ਜਾ ਰਹੇ ਹਨ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਅਤੇ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੀ ਸਥਾਪਨਾ ਇਸ ਦੀ ਅਹਿਮ ਪ੍ਰਾਪਤੀ ਹੈ। ਇਸੇ ਤਰ੍ਹਾਂ ਧਰਮ ਪ੍ਰਚਾਰ ਦੇ ਖੇਤਰ ਵਿਚ ਚੰਗੇ ਬੁਲਾਰੇ ਅਤੇ ਰਾਗੀ ਸਿੰਘ ਤਿਆਰ ਕਰਨ ਲਈ ਧਰਮ ਪ੍ਰਚਾਰ ਕਮੇਟੀ ਅਧੀਨ 17 ਗੁਰਮਤਿ ਕਾਲਜ਼ ਅਤੇ ਵਿਦਿਆਲੇ ਕਾਰਜਸ਼ੀਲ ਹਨ ਜਿਨ੍ਹਾਂ ਵਿਚ 500 ਦੇ ਕਰੀਬ ਵਿਦਿਆਰਥੀ ਸਿੱਖਿਆ ਲੈ ਰਹੇ ਹਨ। ਇਸ ਦੇ ਨਾਲ ਹੀ ਸਮੇਂ-ਸਮੇਂ ਆਈਆਂ ਕੁਦਰਤੀ ਆਫਤਾਂ ਸਮੇਂ ਵੀ ਇਸ ਸੰਸਥਾ ਨੇ ਲੋੜਵੰਦਾਂ ਦੀ ਬਾਂਹ ਫੜ ਕੇ ਸਿੱਖਾਂ ਦਾ ਸੰਸਾਰ ਭਰ ਵਿਚ ਸਿਰ ਉੱਚਾ ਕੀਤਾ ਹੈ। ਅੱਜ ਵੀ ਇਸ ਸੰਸਥਾ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜ ਜਾਰੀ ਹਨ ਜਿਸ ਵਿਚ ਸਮੇਂ-ਸਮੇਂ ਹੋਰ ਵਾਧਾ ਕੀਤਾ ਜਾਂਦਾ ਹੈ। ਪਿਛਲੇ ਦਿਨੀਂ ਸ਼੍ਰੋਮਣੀ ਕਮੇਟੀ ਵੱਲੋਂ ਕੁਝ ਅਹਿਮ ਫੈਸਲੇ ਲਏ ਗਏ ਜਿਨ੍ਹਾਂ ਵਿਚ ਲੋੜਵੰਦ ਸਿੱਖਾਂ ਲਈ ਫ੍ਰੀ ਮੈਡੀਕਲ ਵੈਨਾਂ ਚਲਾਉਣਾ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਣਾ ਸ਼ਾਮਲ ਹੈ। ਇਸੇ ਤਰ੍ਹਾਂ ਧਰਮ ਪ੍ਰਚਾਰ ਦੇ ਕਾਰਜ਼ਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਪਿੰਡਾਂ ਅੰਦਰ ਗੁਰਦੁਆਰਾ ਸਾਹਿਬਾਨ ਦੇ ਜੋ ਗ੍ਰੰਥੀ ਸਵੇਰੇ ਹੁਕਮਨਾਮੇ ਅਤੇ ਸ਼ਾਮ ਨੂੰ ਇਤਿਹਾਸ ਦੀ ਕਥਾ ਕਰਦੇ ਹਨ ਨੂੰ 1100/- ਰੁਪਏ ਮਹੀਨਾ ਸੇਵਾਫਲ ਦੇਣ ਦਾ ਵੀ ਫੈਸਲਾ ਕੀਤਾ ਗਿਆ।

2019 ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਆ ਰਿਹਾ ਹੈ ਜਿਸ ਨੂੰ ਦੁਨੀਆਂ ਭਰ ਵਿਚ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਣਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਲ 2018 ਧਰਮ ਪ੍ਰਚਾਰ ਲਹਿਰ ਨੂੰ ਸਮਰਪਿਤ ਕਰਕੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦਾ ਤਹੱਈਆ ਕੀਤਾ ਹੈ। ਇਨ੍ਹਾਂ ਸਮਾਗਮਾਂ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਇਸ ਲਹਿਰ ਨੂੰ ਘਰ-ਘਰ ਤੱਕ ਦਾਖਲ ਕਰਨ ਲਈ ਪੰਜਾਬ ਅਤੇ ਹਰਿਆਣਾ ਨੂੰ ਚਾਰ ਭਾਗਾਂ ਵਿਚ ਵੰਡਿਆ ਗਿਆ ਹੈ, ਜਿਸ ਨਾਲ ਰਾਜਸਥਾਨ, ਹਿਮਾਚਲ ਅਤੇ ਜੰਮੂ ਕਸ਼ਮੀਰ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਬਣਾਏ ਗਏ ਕੇਂਦਰਾਂ ਵਿਚ ਮਾਝਾ, ਮਾਲਵਾ, ਦੁਆਬਾ ਤੋਂ ਇਲਾਵਾ ਹਰਿਆਣਾ ਰਾਜ ਦੇ ਕੁਰੂਕਸ਼ੇਤਰ ਸ਼ਹਿਰ ਨੂੰ ਕੇਂਦਰ ਬਣਾਇਆ ਗਿਆ ਹੈ।

ਧਰਮ ਪ੍ਰਚਾਰ ਕਮੇਟੀ ਵੱਲੋਂ ਇਸ ਲਹਿਰ ਨੂੰ ਜਮੀਨੀ ਪੱਧਰ ਤੋਂ ਸ਼ੁਰੂ ਕਰਨ ਲਈ ਜਿਥੇ ਇਸ ਦੀ ਅਗਵਾਈ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਨੂੰ ਸੌਂਪੀ ਗਈ ਹੈ। ਉਥੇ ਸ਼੍ਰੋਮਣੀ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸਾਹਿਬਾਨ ਨੂੰ ਵੀ ਆਪਣੇ ਹਲਕਿਆਂ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਆ ਗਿਆ ਹੈ। ਧਰਮ ਪ੍ਰਚਾਰ ਕਮੇਟੀ ਦੇ ਇਹ ਪ੍ਰਚਾਰਕ ਜਥੇ ਜਿਥੇ ਪਿੰਡਾਂ ਅੰਦਰ ਗੁਰਮਤਿ ਸਮਾਗਮ ਕਰਨਗੇ ਉਥੇ ਨੌਜਵਾਨਾਂ ਨਾਲ ਸੰਵਾਦ ਰਚਾ ਕਿ ਨਸ਼ੇ ਅਤੇ ਪਤਿਤਪੁਣੇ ਤੋਂ ਦੂਰ ਰਹਿਣ ਦੀ ਪ੍ਰੇਰਨਾ ਕੀਤੀ ਜਾਵੇਗੀ। ਇਸ ਕਾਰਜ ਲਈ ਸਕੂਲਾਂ, ਕਾਲਜ਼ਾਂ ਦੇ ਨਾਲ ਨਾਲ ਪਿੰਡਾਂ ਦੀਆਂ ਸੱਥਾਂ, ਕਲੱਬਾਂ ਵਿਚ ਜਾ ਕੇ ਬੱਚਿਆਂ ਅਤੇ ਨੌਜਵਾਨਾਂ ਅਤੇ ਪਰਿਵਾਰਕ ਮੁੱਖੀਆਂ ਨੂੰ ਸਿੱਖ ਧਰਮ ਦੇ ਇਤਿਹਾਸ, ਸਿਧਾਤਾਂ ਅਤੇ ਬਹੁਮੁਲੀਆਂ ਪ੍ਰੰਪਰਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੇ ਇਨ੍ਹਾਂ ਕਾਰਜ਼ਾਂ ਨੂੰ ਸਫਲਤਾ ਪੂਰਵਕ ਅਤੇ ਨਿਰੰਤਰ ਜਾਰੀ ਰੱਖਣ ਲਈ ਹਰ ਪਿੰਡ ਅੰਦਰ 5 ਤੋਂ 10 ਮੈਂਬਰੀ ਤਾਲਮੇਲ ਕਮੇਟੀਆਂ ਵੀ ਬਣਾਈਆਂ ਜਾਣਗੀਆਂ। ਰਾਜਨੀਤਿਕ ਗਲਿਆਰਿਆਂ ਵਿੱਚੋਂ ਨਿਕਲ ਕੇ ਧਰਮ ਦੀ ਬਿਹਤਰੀ ਤੇ ਚੜ੍ਹਦੀ ਕਲਾ ਲਈ ਹਰੇਕ ਸਿੱਖ ਨੂੰ ਇਸ ਲਹਿਰ ਦਾ ਸਹਿਯੋਗੀ ਹੋਣਾ ਚਾਹੀਦਾ ਹੈ।

ਸਾਨੂੰ ਇਹ ਦੱਸਣ ਵਿੱਚ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੋ ਕਾਰਜ਼ ਕੀਤੇ ਜਾ ਰਹੇ ਹਨ ਉਨ੍ਹਾਂ ਨੂੰ ਸੰਗਤਾਂ ਤੱਕ ਪਹੁੰਚਾਉਣ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਮਹੀਨੇ 'ਸੇਵਾ ਸਰਗਰਮੀਆਂ' ਛਾਪਣ ਦਾ ਫੈਸਲਾ ਕੀਤਾ ਗਿਆ ਹੈ। ਇਸ ਨਾਲ ਧਰਮ ਪ੍ਰਚਾਰ ਦੇ ਕਾਰਜਾਂ ਨੂੰ ਉਤਸ਼ਾਹ ਮਿਲੇਗਾ। ਇਸ ਦਾ ਪਲੇਠਾ ਅੰਕ ਪਾਠਕਾਂ ਦੇ ਹੱਥਾਂ ਵਿੱਚ ਹੈ। ਆਸ ਕਰਦਾ ਹਾਂ ਕਿ ਇਸ ਮਾਸਿਕ ਪੱਤਰ ਰਾਹੀਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਕਾਰਜਾਂ ਦੀ ਜਾਣਕਾਰੀ ਸੰਗਤਾਂ ਤੱਕ ਪੁੱਜੇਗੀ।

-ਦਿਲਜੀਤ ਸਿੰਘ ਬੇਦੀ

## ਪਹਿਲੀ ਪਾਤਸ਼ਾਹੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਹੇਗੀ ਇਸ ਵਰ੍ਹੇ ਦੀ ਧਰਮ ਪ੍ਰਚਾਰ ਲਹਿਰ- ਭਾਈ ਲੌਂਗੋਵਾਲ



ਖ਼ਾਲਸੇ ਦੇ ਪ੍ਰਗਟ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਜਾ ਰਹੀ ਧਰਮ ਪ੍ਰਚਾਰ ਲਹਿਰ ਸੰਬੰਧੀ ਕੀਤੀ ਗਈ ਅਹਿਮ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਰਤਮਾਨ ਸਮੇਂ ਦੇ ਪ੍ਰਸੰਗ ਵਿਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਪ੍ਰਚਾਰਕ ਸ਼੍ਰੇਣੀ ਨੂੰ ਰਵਾਇਤੀ ਪ੍ਰਚਾਰ ਤਰੀਕਿਆਂ ਵਿਚ ਤਬਦੀਲੀ ਕਰਨ ਅਤੇ ਜ਼ਮੀਨੀ ਪੱਧਰ ਤੇ ਸੰਗਤਾਂ ਨਾਲ ਰਾਬਤਾ ਬਣਾ ਕੇ ਸੰਵਾਦ ਰਚਾਉਣ ਦੀ ਲੋੜ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪ੍ਰਚਾਰਕ ਸ਼੍ਰੇਣੀ ਦਾ ਵਡਮੁੱਲਾ ਯੋਗਦਾਨ ਹੈ ਅਤੇ ਪ੍ਰਚਾਰਕਾਂ ਨੂੰ ਵੀ ਹਰ ਵਿਸ਼ੇ 'ਤੇ ਮੁਕੰਮਲ ਗਿਆਨ ਪ੍ਰਾਪਤ ਕਰਕੇ ਹੀ ਸੰਗਤਾਂ ਤੱਕ ਪਹੁੰਚ ਕਰਨੀ ਚਾਹੀਦੀ ਹੈ, ਤਾਂ ਜੋ ਪ੍ਰਚਾਰ ਖੇਤਰ ਵਿਚ ਵਿਚਰਦਿਆਂ ਸਾਹਮਣੇ ਆਉਂਦੇ ਸਵਾਲਾਂ ਦਾ ਜਵਾਬ ਗੁਰਮਤਿ ਜੁਗਤ ਅਨੁਸਾਰ ਦਿੱਤਾ ਜਾ ਸਕੇ।

ਭਾਈ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਤਿਆਰ ਕੀਤੇ ਗਏ ਨਵੇਂ ਪ੍ਰੋਗਰਾਮ ਦਾ ਐਲਾਨ ਕਰਦਿਆਂ ਕਿਹਾ ਕਿ ਇਸ ਵਰ੍ਹੇ ਧਰਮ ਪ੍ਰਚਾਰ ਲਹਿਰ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਹੇਗੀ। ਇਸ ਲਹਿਰ ਦੀ ਆਰੰਭਤਾ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਕੀਤੀ ਜਾਵੇਗੀ। ਇਸੇ ਤਰ੍ਹਾਂ ਮਾਝਾ ਜੋਨ ਦਾ ਸਮਾਗਮ ਸ੍ਰੀ ਅੰਮ੍ਰਿਤਸਰ, ਅਤੇ ਦੁਆਬਾ ਜੋਨ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲਹਿਰ ਨੂੰ ਚਾਰ

ਬਾਕੀ ਸਫ਼ਾ 2 'ਤੇ




## ਸ਼੍ਰੋਮਣੀ ਕਮੇਟੀ ਵੱਲੋਂ ਵਿਦਿਅਕ ਅਦਾਰਿਆਂ ਅੰਦਰ ਇਨਾਮੀ ਧਾਰਮਿਕ ਮੁਕਾਬਲੇ ਕਰਵਾਉਣ ਦਾ ਫ਼ੈਸਲਾ

### ਗੁਰਬਾਣੀ ਦੀ ਮੁਕੰਮਲ ਸੰਥਿਆ ਲੈਣ ਵਾਲੇ ਗ੍ਰੰਥੀਆਂ ਨੂੰ 5100 ਰੁਪਏ ਤੇ ਸਰਟੀਫਿਕੇਟ ਦੇਣ ਦਾ ਐਲਾਨ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗਰੀਬ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਣ, ਗਰੀਬ ਬਸਤੀਆਂ ਤੇ ਸਰਹੱਦੀ ਖੇਤਰਾਂ ਵਿਚ ਲੋੜਵੰਦ ਮਰੀਜ਼ਾਂ ਲਈ ਮੈਡੀਕਲ ਵੈਨਾਂ ਵੀ ਚਲਾਉਣ ਅਤੇ ਧਰਮ ਪ੍ਰਚਾਰ ਲਹਿਰ ਨੂੰ ਸਿਖ਼ਰ 'ਤੇ ਪਹੁੰਚਾਉਣ ਲਈ ਪ੍ਰਚਾਰਕ ਭਰਤੀ ਕਰਨ ਦਾ ਫ਼ੈਸਲਾ ਕੀਤਾ ਹੈ। ਇਹ ਐਲਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਨੌਵੀਂ



### ਧਰਮ ਪ੍ਰਚਾਰ ਨੂੰ ਸਿਖ਼ਰ 'ਤੇ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ 100 ਪ੍ਰਚਾਰਕ ਤੇ 20 ਢਾਡੀ ਜਥੇ ਰੱਖੇਗੀ -ਭਾਈ ਲੌਂਗੋਵਾਲ

### ਗਰੀਬ ਬਸਤੀਆਂ ਤੇ ਸਰਹੱਦੀ ਖੇਤਰਾਂ 'ਚ ਸ਼੍ਰੋਮਣੀ ਕਮੇਟੀ ਚਲਾਏਗੀ ਮੈਡੀਕਲ ਵੈਨਾਂ

### ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦੇਵੇਗੀ ਸ਼੍ਰੋਮਣੀ ਕਮੇਟੀ

ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਤੋਂ ਬਾਅਦ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਇਕੱਤਰਤਾ ਦੌਰਾਨ ਲਏ ਗਏ ਫ਼ੈਸਲਿਆਂ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਗਰੀਬ ਅਤੇ ਲੋੜਵੰਦ ਸਿੱਖ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਦਿੱਤੀ ਜਾਵੇਗੀ, ਉਥੇ ਹੀ ਗਰੀਬ ਸਿੱਖਾਂ ਦੀ ਮੌਤ ਸਮੇਂ ਵੀ ਸ੍ਰੀ ਅਖੰਡ ਪਾਠ ਸਾਹਿਬ ਦੀ ਭੇਟਾ ਸ਼੍ਰੋਮਣੀ ਕਮੇਟੀ ਦੇਵੇਗੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਏ ਗਏ ਇਕ ਹੋਰ ਅਹਿਮ ਫ਼ੈਸਲੇ ਤਹਿਤ ਗਰੀਬ ਬਸਤੀਆਂ ਅਤੇ ਸਰਹੱਦੀ ਖੇਤਰਾਂ ਵਿਚ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਡਾਕਟਰੀ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਕਾਰਜ ਲਈ ਪੰਜਾਬ ਦੇ ਤਿੰਨ ਜੋਨਾਂ ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਮੈਡੀਕਲ ਵੈਨਾਂ ਚਲਾਈਆਂ ਜਾਣਗੀਆਂ, ਜਿਨ੍ਹਾਂ ਵਿਚ ਡਾਕਟਰ, ਸਟਾਫ਼ ਨਰਸ ਸਮੇਤ ਹੋਰ ਲੋੜੀਂਦਾ ਸਟਾਫ਼ ਅਤੇ ਲੋੜ ਅਨੁਸਾਰ ਦਵਾਈਆਂ ਹੋਣਗੀਆਂ। ਇਹ ਮੈਡੀਕਲ ਸਹੂਲਤਾਂ ਪਿਛੜੇ ਇਲਾਕਿਆਂ ਅਤੇ ਲੋੜਵੰਦਾਂ ਤੱਕ ਪਹੁੰਚ ਕਰਨਗੀਆਂ।

ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ ਅਤੇ ਇਸ ਕਾਰਜ ਲਈ 100 ਪ੍ਰਚਾਰਕ, 20 ਢਾਡੀ ਜਥੇ ਅਤੇ 10 ਕਵੀਸ਼ਰੀ ਜਥੇ ਹੋਰ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਪ੍ਰਚਾਰਕ ਜਥੇ ਸਥਾਨਕ ਪੱਧਰ ਤੋਂ ਹੀ ਲਏ ਜਾਣਗੇ ਤਾਂ ਜੋ ਇਲਾਕਾਈ ਸਮਝ ਅਨੁਸਾਰ ਜ਼ਮੀਨੀ ਪੱਧਰ ਤੱਕ ਧਰਮ ਪ੍ਰਚਾਰ ਕਰਨ ਸਮੇਂ ਮੁਸ਼ਕਲ ਨਾ ਆਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਦੱਸਿਆ ਕਿ ਹਰ ਜ਼ਿਲ੍ਹੇ ਵਿਚ ਗ੍ਰੰਥੀ ਸਿੰਘਾਂ ਦੀ ਸੰਥਿਆ ਕਰਵਾਉਣ ਲਈ ਕੈਂਪ

ਬਾਕੀ ਸਫ਼ਾ 2 'ਤੇ

## ਮਾਝਾ ਖੇਤਰ ਦੀਆਂ ਸਮੂਹ ਸਿੱਖ ਸੰਸਥਾਵਾਂ ਨਾਲ ਰਾਬਤਾ ਕਰਨ ਲਈ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਅਧਿਕਾਰੀਆਂ ਨੇ ਕੀਤੀ ਇਕੱਤਰਤਾ

ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਝਾ ਜ਼ੋਨ ਵਿਚ ਸਾਲ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਦੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਇਕੱਤਰਤਾ ਕੀਤੀ ਗਈ, ਜਿਸ ਵਿਚ ਧਰਮ ਪ੍ਰਚਾਰ ਅਤੇ



ਭਰ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮਾਂ ਸਬੰਧੀ ਮਾਝਾ ਖੇਤਰ ਦੇ ਮੈਂਬਰਾਂ, ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ, ਪ੍ਰਚਾਰਕਾਂ, ਲੋਕਲ ਕਮੇਟੀਆਂ ਦੇ ਪ੍ਰਬੰਧਕਾਂ, ਸਭਾ-ਸੁਸਾਇਟੀਆਂ ਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਸਰਗਰਮ ਕਰਨ ਲਈ ਗੁਰਮਤਿ ਸਮਾਗਮਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮਾਝਾ ਖੇਤਰ ਦੀਆਂ ਸਮੂਹ ਸਿੱਖ ਸੰਸਥਾਵਾਂ ਨਾਲ ਰਾਬਤਾ ਕਾਇਮ ਕਰਨ ਅਤੇ ਸਮੂਹ ਸੰਸਥਾਵਾਂ ਦੀ ਧਰਮ ਪ੍ਰਚਾਰ ਲਹਿਰ ਵਿਚ ਸ਼ਮੂਲੀਅਤ ਨੂੰ

ਬਾਕੀ ਸਫ਼ਾ 2 'ਤੇ

# ਗੁਰਦੁਆਰਾ ਬਾਰਠ ਸਾਹਿਬ ਵਿਖੇ ਸਰੋਵਰ, ਜੋੜਾਘਰ ਤੇ ਲਿਟਰੇਚਰ ਹਾਊਸ ਸੰਗਤ ਅਰਪਣ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਨੌਜੁਆਨੀ ਨੂੰ ਗੁਰਮਤਿ ਨਾਲ ਜੋੜਨ ਲਈ



ਮੋਹਰੀ ਰੋਲ ਨਿਭਾ ਰਹੀ ਹੈ। ਉਹ ਅੱਜ ਇਥੇ ਗੁਰਦੁਆਰਾ ਸ੍ਰੀ ਬਾਰਠ ਸਾਹਿਬ ਵਿਖੇ ਇਕ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਮਾਜ ਦੀ ਤਕਦੀਰ ਬਦਲਣ ਲਈ ਜੋ ਮਾਰਗ ਦਰਸ਼ਨ ਦਿੱਤਾ ਉਹ ਵਿਲੱਖਣ ਅਤੇ ਕ੍ਰਾਂਤੀਕਾਰੀ ਹੈ।ਭਾਈ ਲੌਂਗੋਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬੱਚਿਆਂ ਤੇ ਨੌਜੁਆਨਾਂ ਨੂੰ ਗੁਰਮਤਿ ਵਿਚਾਰਧਾਰਾ ਨਾਲ ਜੋੜਨ ਲਈ ਅੱਗੇ ਆਉਣ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਤੋਂ ਪਹਿਲਾਂ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜ਼ੱਫਰਵਾਲ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਜੀ ਆਇਆਂ ਕਿਹਾ। ਸਮਾਗਮ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਾਰ ਸੇਵਕ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਵੱਲੋਂ ਤਿਆਰ ਕੀਤੇ ਗਏ ਬਾਉਲੀ ਸਾਹਿਬ (ਸਰੋਵਰ), ਜੋੜਾਘਰ ਅਤੇ ਲਿਟਰੇਚਰ ਹਾਊਸ ਦਾ ਸ਼ੁਭ ਆਰੰਭ ਕਰਵਾਇਆ। ਇਸ ਦੌਰਾਨ ਪੰਜ ਸਿੰਘਾਂ ਵੱਲੋਂ ਗੁਰਦੁਆਰਾ ਸਾਹਿਬ ਦੇ ਨਵੇਂ ਦਰਬਾਰ ਦੀ ਟੱਕ ਲਗਾ ਕੇ ਕਾਰ ਸੇਵਾ ਵੀ ਆਰੰਭ ਕੀਤੀ ਗਈ।

## ਗੁਰੂ ਸਾਹਿਬਾਨ ਵੱਲੋਂ ਦਿੱਤਾ ਗਿਆ ਮਾਰਗ ਦਰਸ਼ਨ ਵਿਲੱਖਣ ਤੇ ਕ੍ਰਾਂਤੀਕਾਰੀ-ਭਾਈ ਲੌਂਗੋਵਾਲ



ਇਸ ਮੌਕੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਅੱਜ ਸਮਾਜ ਅੰਦਰ ਨਸ਼ੇ, ਭਰੂਣ ਹੱਤਿਆ, ਵਾਤਾਵਰਣ ਪ੍ਰਦੂਸ਼ਣ ਅਤੇ ਦਾਜ ਦਹੇਜ਼ ਦੀਆਂ ਸਮੱਸਿਆਵਾਂ ਮੂੰਹ ਅੱਡੀ ਖੜੀਆਂ ਹਨ ਅਤੇ ਅਸੀਂ ਦੇਖਾ-ਦੇਖੀ ਇਨ੍ਹਾਂ ਦੀ ਜਕੜ ਵਿਚ ਫਸਦੇ ਜਾ ਰਹੇ ਹਾਂ। ਉਨ੍ਹਾਂ ਪ੍ਰੇਰਕ ਰੂਪ ਵਿਚ ਕਿਹਾ ਕਿ ਅਜੋਕਾ ਸਮਾਜ ਸਮਾਜਿਕ ਰੀਤੀ ਰਿਵਾਜਾਂ ਨੂੰ ਨਿਭਾਉਣ ਸਮੇਂ ਸਾਦਗੀ ਦਾ ਪੱਲਾ ਫੜ੍ਹੇ ਅਤੇ ਇਨ੍ਹਾਂ ਅਜੋਕੀਆਂ ਸਮਾਜਿਕ ਸਮੱਸਿਆਵਾਂ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਧਰਮ ਦੀਆਂ ਉੱਚ ਕਦਰਾਂ-ਕੀਮਤਾਂ ਨਾਲ ਜੁੜੇ।

ਇਸ ਮੌਕੇ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ, ਬਾਬਾ ਗੁਰਮੀਤ ਸਿੰਘ, ਬਾਬਾ ਮਹਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੱਜਣ ਸਿੰਘ ਬੱਜੂਮਾਨ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਰਤਨ ਸਿੰਘ ਜ਼ੱਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ ਆਦਿ ਮੌਜੂਦ ਸਨ। 18 ਫਰਵਰੀ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਡਿਉੜੀ ਦੇ ਗੁੰਬਦਾਂ ਉਪਰ ਸੋਨਾ ਲਗਾਉਣ ਦੀ ਕਾਰ ਸੇਵਾ ਆਰੰਭ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਘੰਟਾ ਘਰ ਵਾਲੇ ਪ੍ਰਵੇਸ਼ ਦੁਆਰ ਦੀ ਡਿਉੜੀ ਦੇ ਗੁੰਬਦਾਂ ਉਪਰ ਸੋਨੇ ਦੇ ਪੱਤਰੇ ਲਗਾਉਣ ਦੀ ਕਾਰ ਸੇਵਾ ਅੱਜ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਹਾਜ਼ਰੀ ਵਿਚ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਆਰੰਭ ਕੀਤੀ ਗਈ। ਕਾਰ ਸੇਵਾ ਦੀ ਆਰੰਭਤਾ ਭਾਈ ਕੁਲਵਿੰਦਰ ਸਿੰਘ ਵੱਲੋਂ ਕੀਤੀ ਗਈ ਅਰਦਾਸ ਉਪਰੰਤ ਹੋਈ। ਦੱਸਣਯੋਗ ਹੈ ਕਿ ਡਿਉੜੀ ਉਪਰ ਬਣੇ ਮੁੱਖ ਗੁੰਬਦ 'ਤੇ ਲਗਾਉਣ ਲਈ 16 ਗੇਜ ਤਾਂਬੇ ਦੇ ਪੱਤਰਿਆਂ 'ਤੇ ਸੋਨੇ ਦੀਆਂ 22 ਪਰਤਾਂ ਚੜ੍ਹਾਈਆਂ ਜਾਣਗੀਆਂ। ਇਸ ਤੋਂ ਇਲਾਵਾ ਛੋਟੇ ਗੁੰਬਦਾਂ ਉਪਰ ਵੀ ਇਹ ਪੱਤਰੇ ਲਗਾਏ ਜਾਣਗੇ। ਇਨ੍ਹਾਂ ਤਾਂਬੇ ਦੇ ਪੱਤਰਿਆਂ ਉਪਰ 40 ਕਿੱਲੋ ਦੇ ਕਰੀਬ ਸੋਨਾ ਲਗਾਇਆ ਜਾਵੇਗਾ।



ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਕਰਵਾਈ ਜਾ ਰਹੀ ਡਿਉੜੀ ਦੀ ਕਾਰਸੇਵਾ ਦੀ ਸ਼ਲਾਘਾ ਕਰਦਿਆਂ ਸਮੂਹ ਸੰਗਤਾਂ ਨੂੰ ਇਸ ਸੇਵਾ ਵਿਚ ਤਨ, ਮਨ ਤੇ ਧਨ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਮੌਕੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਲਈ ਮੁਕੱਦਸ ਅਸਥਾਨ ਹੈ ਅਤੇ ਇਸ ਪਾਵਨ ਅਸਥਾਨ ਵਿਖੇ ਸਮੇਂ-ਸਮੇਂ 'ਤੇ ਸੰਗਤ ਦੇ ਸਹਿਯੋਗ ਨਾਲ ਕਾਰ ਸੇਵਾਵਾਂ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਵੱਲੋਂ ਕਰਵਾਈ ਜਾ ਰਹੀ ਡਿਉੜੀ ਦੀ ਕਾਰ ਸੇਵਾ ਜਲਦ ਹੀ ਪੂਰੀ ਹੋਵੇਗੀ। ਇਸ ਮੌਕੇ ਬਾਬਾ ਕਸ਼ਮੀਰ ਸਿੰਘ ਨੇ ਕਿਹਾ ਕਿ ਇਹ ਕਾਰ ਸੇਵਾ ਅਪ੍ਰੈਲ ਮਹੀਨੇ ਤਕ ਮੁਕੰਮਲ ਕਰ ਲਏ ਜਾਣ ਦੀ ਸੰਭਾਵਨਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਮੈਂਬਰ ਭਾਈ ਰਾਮ ਸਿੰਘ, ਭਾਈ ਮਨਜੀਤ ਸਿੰਘ, ਸ. ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਮਲਕੀਤ ਸਿੰਘ ਚੰਗਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਜਗਸੀਰ ਸਿੰਘ ਮਾਂਗਿਆਣਾ ਤੇ ਸ. ਹਰਜਾਪ ਸਿੰਘ ਸੁਲਤਾਨਵਿੰਡ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਗੁਰਮੀਤ ਸਿੰਘ ਬੁੱਟਰ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ ਆਦਿ ਹਾਜ਼ਰ ਸਨ। 10 ਫਰਵਰੀ

# ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਨੇ ਕਰਵਾਇਆ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਵੱਲੋਂ ਸਥਾਨਕ ਸੁਲਤਾਨਵਿੰਡ ਰੋਡ 'ਤੇ ਸਥਿਤ ਸ੍ਰੀ ਦਰਬਾਰ ਸਾਹਿਬ ਦੇ ਕੁਆਟਰਾਂ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਹਿਜ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ ਅਤੇ ਕਵੀਸ਼ਰੀ ਜੱਥਿਆਂ ਨੇ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਸਾਂਝਾ ਕੀਤਾ। ਇਸ ਮੌਕੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਵਿਸ਼ੇਸ਼ ਧਾਰਮਿਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਕੀਰਤਨ, ਕਵਿਤਾ, ਕਵੀਸ਼ਰੀ, ਪ੍ਰਸ਼ਨੋਤਰੀ ਅਤੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਵਿਸ਼ੇਸ਼ ਸਨ। ਇਨ੍ਹਾਂ ਮੁਕਾਬਲਿਆਂ ਵਿਚੋਂ ਅੱਵਲ ਆਉਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ ਅਤੇ ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਨੇ ਸਨਮਾਨਿਤ ਕੀਤਾ। ਇਸ ਮੌਕੇ ਸ. ਜਸਵੀਰ ਸਿੰਘ ਸਹਾਇਕ ਸੁਪਰਵਾਈਜ਼ਰ, ਸ. ਸਤਨਾਮ ਸਿੰਘ, ਬੀਬੀ ਰਣਜੀਤ ਕੌਰ, ਬੀਬੀ ਪਰਮਜੀਤ ਕੌਰ, ਬੀਬੀ ਹਰਭਿੰਦਰ ਕੌਰ ਨੇ ਵੀ ਸਮਾਗਮ ਦੀ ਸਫਲਤਾ ਵਿਚ ਵਿਸ਼ੇਸ਼ ਯੋਗਦਾਨ ਪਾਇਆ। ਇਸ ਮੌਕੇ ਕਾਲੋਨੀ ਨਿਵਾਸੀ ਸਮੂਹ ਸੰਗਤਾਂ ਹਾਜ਼ਰ ਸਨ।



# ਸਫ਼ਾ 1 ਦਾ ਬਾਕੀ...

## 550 ਸਾਲਾ....

ਜੋਨਾਂ ਵਿਚ ਵੰਡ ਕੇ ਮਾਝਾ ਖੇਤਰ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ, ਮਾਲਵਾ ਖੇਤਰ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ, ਦੁਆਬਾ ਖੇਤਰ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹਰਿਆਣਾ ਰਾਜ ਅੰਦਰ ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਕੇਂਦਰ ਬਣਾਏ ਗਏ ਹਨ। ਹਰੇਕ ਜੋਨ ਵਿਚ 20 ਪ੍ਰਚਾਰਕ ਜਥੇ ਸੰਗਤਾਂ ਤੱਕ ਪਹੁੰਚ ਕਰਨਗੇ ਅਤੇ ਹਰੇਕ ਜਥੇ ਵਿਚ 2 ਪ੍ਰਚਾਰਕ, 1 ਢਾਡੀ ਜਥਾ, 1 ਕਵੀਸ਼ਰੀ ਜਥਾ ਅਤੇ ਇੱਕ ਧਾਰਮਿਕ ਅਧਿਆਪਕ ਸੇਵਾ ਨਿਭਾਵੇਗਾ। ਸਮੁੱਚੀ ਪ੍ਰਚਾਰ ਲਹਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ ਦੀ ਦੇਖ-ਰੇਖ ਹੇਠ ਕਾਰਜਸ਼ੀਲ ਰਹੇਗੀ। ਉਨ੍ਹਾਂ ਕਿਹਾ ਕਿ ਸੰਗਤਾਂ ਤੱਕ ਪਹੁੰਚ ਕਰਨ ਦੇ ਨਾਲ-ਨਾਲ ਸਕੂਲਾਂ ਨੂੰ ਵੀ ਪ੍ਰਚਾਰ ਖੇਤਰ ਬਣਾਇਆ ਜਾਵੇਗਾ ਅਤੇ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਤੋਂ ਇਲਾਵਾ ਹੋਰਨਾਂ ਵਿਦਿਅਕ ਅਦਾਰਿਆਂ ਵਿਚ ਵੀ ਧਾਰਮਿਕ ਅਧਿਆਪਕਾਂ ਵੱਲੋਂ ਪਹੁੰਚ ਕੀਤੀ ਜਾਵੇਗੀ। ਭਾਈ ਲੌਂਗੋਵਾਲ ਨੇ ਇਹ ਵੀ ਕਿਹਾ ਕਿ ਬਣਾਏ ਗਏ ਜੋਨਾਂ ਦੇ ਮੁੱਖ ਕੇਂਦਰਾਂ ਵਿਖੇ ਹਰ ਐਤਵਾਰ ਨੂੰ ਹਫ਼ਤਾਵਾਰੀ ਸਮਾਗਮ ਕੀਤੇ ਜਾਣਗੇ, ਜਿਨ੍ਹਾਂ ਵਿਚ ਰਾਗੀ, ਢਾਡੀ, ਪ੍ਰਚਾਰਕ, ਕਵੀਸ਼ਰ ਆਦਿ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਸਾਂਝੀਆਂ ਕਰਨਗੇ। ਹਫ਼ਤਾਵਾਰੀ ਸਮਾਗਮ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਦੀ ਅਗਵਾਈ ਵਿਚ ਹੋਣਗੇ।

ਇਸ ਦੌਰਾਨ ਸੰਬੋਧਨ ਕਰਦਿਆਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਆਰੰਭ ਕੀਤੀ ਜਾਣ ਵਾਲੀ ਲਹਿਰ ਨੂੰ ਸਮੇਂ ਦੀ ਲੋੜ ਦੱਸਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤੇਜਿੰਦਰਪਾਲ ਸਿੰਘ ਢਿੱਲੋਂ, ਸ. ਮਨਜੀਤ ਸਿੰਘ ਬੱਪੀਆਣਾ, ਸ. ਪ੍ਰਿਤਪਾਲ ਸਿੰਘ, ਬੀਬੀ ਰਣਜੀਤ ਕੌਰ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ। ਇਸ ਤੋਂ ਇਲਾਵਾ ਪ੍ਰਚਾਰਕ, ਕਵੀਸ਼ਰ ਤੇ ਢਾਡੀ ਜਥਿਆਂ ਨੇ ਵੀ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਦਲਜੀਤ ਸਿੰਘ ਭਿੰਡਰ, ਬੀਬੀ ਰਣਜੀਤ ਕੌਰ ਮਾਹਿਲਪੁਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਪ੍ਰਿਤਪਾਲ ਸਿੰਘ, ਸ. ਸੁਖਵਰਸ਼ ਸਿੰਘ ਪੰਨੂੰ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤਜਿੰਦਰ ਸਿੰਘ ਢਿੱਲੋਂ, ਸ. ਮਨਜੀਤ ਸਿੰਘ ਬੱਪੀਆਣਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਦਿਲਜੀਤ ਸਿੰਘ ਬੇਦੀ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਡਾ. ਚਮਕੌਰ ਸਿੰਘ ਡਾਇਰੈਕਟਰ, ਸ. ਗੁਰਿੰਦਰਪਾਲ ਸਿੰਘ ਠਰੂ ਇੰਚਾਰਜ, ਸ. ਰਣਜੀਤ ਸਿੰਘ ਮੈਨੇਜਰ, ਪ੍ਰਿੰਸੀਪਲ ਕਰਤਾਰ ਸਿੰਘ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ ਸਮੇਤ ਵੱਡੀ ਗਿਣਤੀ ਵਿਚ ਪ੍ਰਚਾਰਕ, ਢਾਡੀ, ਕਵੀਸ਼ਰ ਅਤੇ ਧਾਰਮਿਕ ਅਧਿਆਪਕ ਮੌਜੂਦ ਸਨ।

10 ਜਨਵਰੀ

## ਇਕੱਤਰਤਾ ਧਰਮ ਪ੍ਰਚਾਰ ਕਮੇਟੀ..

ਲਗਾਏ ਜਾਣਗੇ ਅਤੇ ਇਨ੍ਹਾਂ ਕੈਂਪਾਂ ਦੀ ਅਰੰਭਤਾ ਤਖ਼ਤ ਸਾਹਿਬਾਨ ਤੋਂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸਫ਼ਲਤਾ ਪੂਰਵਕ ਗੁਰਬਾਣੀ ਦੀ ਸੰਥਿਆ ਲੈਣ ਵਾਲੇ ਗ੍ਰੰਥੀ ਸਿੰਘਾਂ ਨੂੰ ਸਤਿਕਾਰ ਵਜੋਂ 5100 ਰੁਪਏ, ਸਰਟੀਫਿਕੇਟ ਅਤੇ ਮੈਡਲ ਦਿੱਤੇ ਜਾਣਗੇ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿੰਡਾਂ ਦੇ ਗੁਰਦੁਆਰਿਆਂ ਵਿਚ ਸਵੇਰੇ ਸ਼ਾਮ ਕਥਾ ਕਰਨ ਵਾਲੇ ਗ੍ਰੰਥੀਆਂ ਨੂੰ 1100 ਸੇਵਾਫਲ ਵਜੋਂ ਦਿੱਤੇ ਜਾਣਗੇ, ਪ੍ਰੰਤੂ ਇਸ ਲਈ ਗ੍ਰੰਥੀ ਸਿੰਘਾਂ ਨੂੰ ਇਕ ਟੈਸਟ ਪਰਕ੍ਰਿਆ ਵਿੱਚੋਂ ਲੰਘਣਾ ਪਵੇਗਾ। ਇਸੇ ਤਰ੍ਹਾਂ ਅੰਮ੍ਰਿਤ ਸੰਚਾਰ ਸਮੇਂ ਪੰਜ ਪਿਆਰਿਆਂ ਵਿਚ ਸ਼ਾਮਲ ਹੋਣ ਵਾਲੇ ਅਤੇ ਧਰਮ ਪ੍ਰਚਾਰ ਲਹਿਰ ਨੂੰ ਉਤਸ਼ਾਹਿਤ ਕਰਨ ਵਾਲੇ ਗ੍ਰੰਥੀ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ ਜਾਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਚਲਾਏ ਜਾ ਰਹੇ ਸਕੂਲਾਂ ਕਾਲਜਾਂ ਵਿਚ ਸਿੱਖ ਧਰਮ ਦਾ ਵਿਸ਼ਾ ਜ਼ਰੂਰੀ ਕੀਤਾ ਜਾਵੇਗਾ ਅਤੇ ਹਰ ਸਕੂਲ ਕਾਲਜ ਵਿਚ ਧਾਰਮਿਕ ਅਧਿਆਪਕ ਅਤੇ ਲੈਕਚਰਾਰ ਭਰਤੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਵਿਦਿਅਕ ਅਦਾਰਿਆਂ ਅੰਦਰ ਵੱਖ-ਵੱਖ ਤਰ੍ਹਾਂ ਦੇ ਇਨਾਮੀ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਵਿਚ ਢਾਡੀ, ਕਵੀਸ਼ਰੀ, ਲੈਕਚਰ ਅਤੇ ਸਿੱਖ ਵਿਰਾਸਤ ਸਬੰਧੀ ਸਵਾਲ ਜਵਾਬ ਦੇ ਮੁਕਾਬਲੇ ਵਿਸ਼ੇਸ਼ ਹੋਣਗੇ। ਇਸੇ ਤਰ੍ਹਾਂ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦੇ ਗੁਰਮਤਿ ਟ੍ਰੇਨਿੰਗ ਅਤੇ ਸਿੱਖ ਨੌਜੁਆਨ ਲੀਡਰਸ਼ਿਪ ਕੈਂਪ ਲਗਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਸਾਖਾਪਟਨਮ ਵਿਖੇ 84 ਸਿਕਲੀਗਰ ਸਿੱਖ ਬੱਚਿਆਂ ਦੀਆਂ ਫ਼ੀਸਾਂ ਲਈ 8 ਲੱਖ ਰੁਪਏ ਦੀ ਰਾਸ਼ੀ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜੋ ਸਿੱਧੇ ਤੌਰ 'ਤੇ ਸਕੂਲਾਂ ਨੂੰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਂਦੇ ਧਰਮ ਪ੍ਰਚਾਰ ਸਮਾਗਮਾਂ ਨੂੰ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣ ਲਈ ਹਰ ਮਹੀਨੇ ਧਰਮ ਪ੍ਰਚਾਰ ਸਰਗਰਮੀਆਂ ਪ੍ਰਕਾਸ਼ਤ ਕਰਨ ਦਾ ਵੀ ਫ਼ੈਸਲਾ ਕੀਤਾ ਗਿਆ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਸੁਖਵਰਸ਼ ਸਿੰਘ ਪੰਨੂੰ, ਸ. ਤੇਜਿੰਦਰਪਾਲ ਸਿੰਘ ਲਾਡਵਾ, ਸ. ਮਨਜੀਤ ਸਿੰਘ ਬੱਪੀਆਣਾ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਅੰਤ੍ਰਿੰਗ ਮੈਂਬਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਭੁਪਿੰਦਰ ਸਿੰਘ ਅਸੰਧ, ਸ. ਹਰਭਜਨ ਸਿੰਘ ਮਸਾਣਾ, ਬੀਬੀ ਮਨਜੀਤ ਕੌਰ ਕੰਧੋਲਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਹਾਇਕ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਿੰਦਰਪਾਲ ਸਿੰਘ ਠਰੂ, ਸ. ਪਰਮਜੀਤ ਸਿੰਘ ਇੰਚਾਰਜ, ਸ. ਮੰਗਪ੍ਰੀਤ ਸਿੰਘ, ਸ. ਸ਼ਰਨਜੀਤ ਸਿੰਘ ਸੋਥਾ, ਸ. ਗੁਰਜੋਤ ਸਿੰਘ ਨਿਡਰ, ਸ. ਕੰਵਲਜੀਤ ਸਿੰਘ ਅਜਰਾਣਾ ਅਤੇ ਹੋਰ ਮੌਜੂਦ ਸਨ। 09 ਫ਼ਰਵਰੀ

## ਸਿੱਖ ਸੰਸਥਾਵਾਂ...

ਯਕੀਨੀ ਬਣਾਉਣ ਸਬੰਧੀ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਅਧਿਕਾਰੀਆਂ ਵੱਲੋਂ ਇਕੱਤਰਤਾ ਕੀਤੀ ਗਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ ਤੇ ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਮਨਜੀਤ ਸਿੰਘ, ਐਡੀਸ਼ਨਲ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜਿੰਦਰ ਸਿੰਘ ਤੇ ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਗੁਰਿੰਦਰ ਸਿੰਘ ਤੇ ਸ. ਮਨਜਿੰਦਰ ਸਿੰਘ ਮੰਡ ਆਦਿ ਹਾਜ਼ਰ ਸਨ। 19 ਜਨਵਰੀ

# ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਤਖ਼ਤ ਸਾਹਿਬਾਨ ਵਿਖੇ ਢਾਡੀ ਮੁਕਾਬਲੇ ਕਰਵਾਉਣ ਦਾ ਕੀਤਾ ਐਲਾਨ

## ਗੁਰਮਤਿ ਪ੍ਰਚਾਰ ਲਹਿਰ ਸਬੰਧੀ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ ਇਕੱਤਰਤਾ

**1 ਲੱਖ, 51 ਹਜ਼ਾਰ ਤੇ 31 ਹਜ਼ਾਰ ਦੇ ਦਿੱਤੇ ਜਾਣਗੇ ਇਨਾਮ- ਭਾਈ ਲੌਂਗੋਵਾਲ**

ਅੰਮ੍ਰਿਤਸਰ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਸਬੰਧੀ ਵਿਚਾਰਾਂ ਕਰਨ ਲਈ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਜਲੰਧਰ, ਫਿਰੋਜ਼ਪੁਰ ਤੇ ਕਪੂਰਥਲਾ ਜ਼ਿਲ੍ਹਿਆਂ ਦੇ ਸ਼੍ਰੋਮਣੀ



ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ, ਪ੍ਰਚਾਰਕਾਂ, ਧਾਰਮਿਕ ਅਧਿਆਪਕਾਂ, ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਤੇ ਲੋਕਲ ਗੁਰਦੁਆਰਾ ਕਮੇਟੀਆਂ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ



ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਕੱਤਰਤਾ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਧਰਮ ਪ੍ਰਚਾਰ ਕਾਰਜਾਂ ਨੂੰ ਹੋਰ ਬਲ ਦੇਣ ਲਈ ਖੁਲ੍ਹ ਕੇ ਸੁਝਾਅ ਦਿੱਤੇ ਅਤੇ ਕਮੀਆਂ ਕਮਜ਼ੋਰੀਆਂ ਨੂੰ ਦੂਰ ਕਰਨ ਬਾਰੇ ਬੇਬਾਕ ਰਾਏ ਵੀ ਦਿੱਤੀ। ਇਸ ਸਬੰਧੀ ਵੀ ਆਮ ਰਾਏ ਸਾਹਮਣੇ ਆਈ ਕਿ ਵਰਤਮਾਨ ਤਕਨੀਕ ਦੀ ਵਰਤੋਂ ਕਰਕੇ ਧਰਮ ਪ੍ਰਚਾਰ ਕੀਤਾ ਜਾਵੇ। ਬੁਲਾਰਿਆਂ ਨੇ ਆਪਣੇ ਆਲੇ-ਦੁਆਲੇ ਤੋਂ ਧਰਮ ਪ੍ਰਚਾਰ ਦੀ ਸ਼ੁਰੂਆਤ ਕਰਨ ਦੇ ਨਾਲ-ਨਾਲ ਨੌਜੁਆਨਾਂ ਦੀਆਂ ਗੁਰਮਤਿ ਵਰਕਸ਼ਾਪਾਂ ਲਗਾਉਣ 'ਤੇ ਵੀ ਜ਼ੋਰ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਿੱਤੇ ਗਏ ਉਪਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਸਾਡਾ ਸਭ ਦਾ ਫ਼ਰਜ਼ ਹੈ ਅਤੇ ਇਸ ਕਾਰਜ ਲਈ ਸਾਨੂੰ ਆਪੋ-ਆਪਣੀ ਜ਼ਿੰਮੇਵਾਰੀ ਸੁਹਿਰਦਤਾ ਨਾਲ ਨਿਭਾਉਣੀ ਚਾਹੀਦੀ ਹੈ। ਇਸੇ ਦੌਰਾਨ ਉਨ੍ਹਾਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਤਿੰਨ ਢਾਡੀ ਮੁਕਾਬਲਿਆਂ ਦਾ ਆਯੋਜਨ ਕੀਤਾ ਜਾਵੇਗਾ ਅਤੇ ਪਹਿਲੇ ਨੰਬਰ 'ਤੇ ਆਉਣ ਵਾਲੇ ਜਥੇ ਨੂੰ 1 ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸੇ ਤਰ੍ਹਾਂ ਦੂਸਰੇ ਸਥਾਨ 'ਤੇ ਰਹਿਣ ਵਾਲੇ ਜਥੇ ਨੂੰ 51 ਹਜ਼ਾਰ ਰੁਪਏ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੇ ਨੂੰ 31 ਹਜ਼ਾਰ ਰੁਪਏ ਦੇ ਇਨਾਮ ਦਿੱਤੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਇਸੇ ਤਰਜ਼ 'ਤੇ ਹੀ ਕਵੀਸ਼ਰਾਂ ਅਤੇ ਪ੍ਰਚਾਰਕਾਂ ਨੂੰ ਵੀ ਸਨਮਾਨਿਤ ਕੀਤਾ ਜਾਇਆ ਕਰੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪ੍ਰੇਰਨਾ ਕਰਦਿਆਂ ਕਿਹਾ ਕਿ ਸਿੱਖੀ ਦਾ ਪ੍ਰਚਾਰ ਕਰਨ ਸਮੇਂ ਪ੍ਰਚਾਰਕ ਸ਼੍ਰੇਣੀ ਸਮਾਜਿਕ ਸਮੱਸਿਆਵਾਂ ਨੂੰ ਵੀ ਪ੍ਰਚਾਰ ਦਾ ਹਿੱਸਾ ਬਣਾਏ। ਉਨ੍ਹਾਂ ਕਿਹਾ ਕਿ ਸੰਗਤਾਂ ਨੂੰ ਗੁਰਮਤਿ ਜੁਗਤਿ ਅਨੁਸਾਰ ਅਜੋਕੀਆਂ ਸਮੱਸਿਆਵਾਂ ਦੇ ਹੱਲ ਦਾ ਰਾਹ ਦਿਖਾਉਣਾ ਵੀ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੂੰ ਆਪੋ-ਆਪਣੇ ਹਲਕੇ ਵਿਚ ਪ੍ਰਚਾਰ ਵਹੀਰ ਦੀ ਅਗਵਾਈ ਕਰਨ ਲਈ ਵੀ ਕਿਹਾ। ਇਕੱਤਰਤਾ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਪ੍ਰਚਾਰ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਇਸ ਨੂੰ ਸਮੇਂ ਦੀ ਲੋੜ ਦੱਸਿਆ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਇਸ ਉੱਦਮ ਨਾਲ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਦਾ ਸੁਨੇਹਾ ਅਵੱਸ਼ ਹੀ ਘਰ-ਘਰ ਤੱਕ ਪਹੁੰਚੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸੀਨੀਅਰ ਅਕਾਲੀ ਆਗੂ ਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੇਵਾ ਸਿੰਘ ਸੇਖਵਾਂ, ਅੰਤ੍ਰਿੰਗ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਬੀਬੀ ਗੁਰਪ੍ਰੀਤ ਕੌਰ, ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਕੁਲਵੰਤ ਸਿੰਘ ਮੰਨਣ, ਬੀਬੀ ਕਿਰਨਜੋਤ ਕੌਰ, ਭਾਈ ਮਨਜੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਧਰਮ ਪ੍ਰਚਾਰ ਕਮੇਟੀ ਦੇ ਐਡੀਸ਼ਨਲ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲ੍ਹਾ, ਅੰਤ੍ਰਿੰਗ ਮੈਂਬਰ ਸ. ਸੱਜਣ ਸਿੰਘ ਬੱਜੂਮਾਨ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਸਰਵਨ ਸਿੰਘ ਕੁਲਾਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਮਨਜੀਤ ਸਿੰਘ ਬੱਪੀਆਣਾ , ਸ. ਹਰਿੰਦਰ ਸਿੰਘ ਰਣੀਆ, ਸ. ਦਰਸ਼ਨ ਸਿੰਘ ਸ਼ੇਰ ਖਾਂ, ਬਾਬਾ ਨਿਰਮਲ ਸਿੰਘ ਨੌਸ਼ਿਹਰਾ ਢਾਲਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰੀਕ ਸਿੰਘ ਵਿਛੋਆ, ਸ. ਜੋਧ ਸਿੰਘ ਸਮਰਾ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਰਤਨ ਸਿੰਘ ਜ਼ੱਫ਼ਰਵਾਲ, ਸ. ਬਿਕਰਮ ਸਿੰਘ ਕੋਟਲਾ, ਬੀਬੀ ਬਲਵਿੰਦਰ ਕੌਰ ਲੋਪੋਕੇ, ਸ. ਅਮਰਜੀਤ ਸਿੰਘ ਭਲਾਈਪੁਰ, ਬੀਬੀ ਹਰਜਿੰਦਰ ਕੌਰ, ਬੀਬੀ ਜੋਗਿੰਦਰ ਕੌਰ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਦਵਿੰਦਰ ਕੌਰ ਕਾਲੜਾ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਬਲਦੇਵ ਸਿੰਘ ਕਲਿਆਣ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਹਰਦਲਬੀਰ ਸਿੰਘ ਸ਼ਾਹ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਸ. ਅਵਤਾਰ ਸਿੰਘ ਸੈਂਪਲਾ, ਪ੍ਰਚਾਰਕ, ਢਾਡੀ, ਕਵੀਸ਼ਰ, ਮੈਨੇਜਰ ਅਤੇ ਲੋਕਲ ਗੁਰਦੁਆਰਾ ਕਮੇਟੀਆਂ ਦੇ ਅਹੁਦੇਦਾਰ ਹਾਜ਼ਰ ਸਨ। 23 ਜਨਵਰੀ

# ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਰਮ ਪ੍ਰਚਾਰ ਸਬੰਧੀ ਹੋਈ ਇਕੱਤਰਤਾ

**ਧਰਮ ਪ੍ਰਚਾਰ ਲਹਿਰ ਲਈ ਗੁਰਸਿੱਖ ਨੌਜੁਆਨਾਂ ਦੀਆਂ ਤਾਲਮੇਲ ਕਮੇਟੀਆਂ ਬਣਾਈਆਂ ਜਾਣਗੀਆਂ -ਭਾਈ ਲੌਂਗੋਵਾਲ**

ਸ੍ਰੀ ਅਨੰਦਪੁਰ ਸਾਹਿਬ, - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਲਹਿਰ ਨੂੰ ਪਿੰਡ ਪੱਧਰ ਤਕ ਕਾਰਗਰ ਢੰਗ ਨਾਲ ਪਹੁੰਚਾਉਣ ਲਈ ਗੁਰਸਿੱਖ ਨੌਜੁਆਨਾਂ ਦੀਆਂ ਤਾਲਮੇਲ ਕਮੇਟੀਆਂ ਬਣਾਈਆਂ ਜਾਣਗੀਆਂ ਜੋ ਪ੍ਰਚਾਰਕ ਜਥਿਆਂ ਨੂੰ ਪ੍ਰੋਗਰਾਮ ਉਲੀਕਣ ਵਿਚ ਸਹਾਇਤਾ ਕਰਨਗੀਆਂ। ਉਹ ਇਥੇ ਦੁਆਬਾ ਜੋਨ ਦੇ 6 ਜ਼ਿਲ੍ਹਿਆਂ ਅਤੇ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਤੇ ਚੰਡੀਗੜ੍ਹ ਦੇ ਸ਼੍ਰੋਮਣੀ ਕਮੇਟੀ ਮੈਂਬਰਾਂ, ਪ੍ਰਚਾਰਕਾਂ, ਧਾਰਮਿਕ ਅਧਿਆਪਕਾਂ, ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਦੇ ਨੁਮਾਇੰਦਿਆਂ ਦੀ ਇੱਕ ਇਕੱਤਰਤਾ ਨੂੰ ਸੰਬੋਧਨ ਕਰ ਰਹੇ ਸਨ।



ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਗਾਊਂ ਪ੍ਰੋਗਰਾਮਾਂ ਤਹਿਤ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਪ੍ਰਚਾਰਕ ਸ਼੍ਰੇਣੀ ਨੂੰ ਸਰਗਰਮ ਕੀਤਾ ਜਾ ਰਿਹਾ ਹੈ ਅਤੇ ਇਸੇ ਤਹਿਤ ਹੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ



ਕਰਵਾਇਆ।

ਭਾਈ ਲੌਂਗੋਵਾਲ ਨੇ ਕਿਹਾ ਕਿ ਧਰਮ ਪ੍ਰਚਾਰ ਨੂੰ ਇਕੱਲਾ ਸਟੇਜੀ ਪ੍ਰਚਾਰ ਤਕ ਹੀ ਸੀਮਿਤ ਨਹੀਂ ਰੱਖਿਆ ਜਾਵੇਗਾ ਸਗੋਂ ਜ਼ਮੀਨੀ ਪੱਧਰ 'ਤੇ ਸੱਥਾਂ, ਖੇਡ ਕਲੱਬਾਂ, ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਤਕ ਪਹੁੰਚ ਕੀਤੀ ਜਾਵੇਗੀ। ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਜਦੋਂ-ਜਦੋਂ ਵੀ ਸਿੱਖ ਕੌਮ ਨੂੰ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ, ਉਦੋਂ ਹੀ ਪੰਥ ਨੇ ਇੱਕਜੁਟ ਹੋ ਕੇ ਸਿੱਖੀ ਦੀ ਚੜ੍ਹਦੀ ਕਲਾ ਲਈ ਹੰਭਲਾ ਮਾਰਿਆ। ਉਨ੍ਹਾਂ ਕਿਹਾ ਕਿ ਅੱਜ ਵੀ ਇਸ ਗੱਲ ਦੀ ਵੱਡੀ ਲੋੜ ਹੈ ਕਿ ਕੌਮੀ ਇੱਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਧਰਮ ਪ੍ਰਚਾਰ ਲਹਿਰ ਨੂੰ ਨਵੀਆਂ ਸੇਧਾਂ 'ਤੇ ਤੋਰੀਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ ਨੇ ਕਿਹਾ ਕਿ ਪ੍ਰਚਾਰਕਾਂ ਨੂੰ ਪ੍ਰਚਾਰ ਸਮੇਂ ਆਉਂਦੀਆਂ ਮੁਸ਼ਕਿਲਾਂ ਤੋਂ ਘਬਰਾਉਣਾ ਨਹੀਂ ਚਾਹੀਦਾ ਸਗੋਂ ਉਨ੍ਹਾਂ ਨੂੰ ਆਪਣੀ ਸ਼ਕਤੀ ਬਣਾ ਕੇ ਅੱਗੇ ਵੱਧਣਾ ਚਾਹੀਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਪ੍ਰਚਾਰਕ ਸ਼੍ਰੇਣੀ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਆਪੋ-ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਦੀ ਪ੍ਰੇਰਨਾ ਕੀਤੀ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਚਰਨ ਸਿੰਘ ਆਲਮਗੀਰ, ਸ. ਦਵਿੰਦਰ ਸਿੰਘ ਖੱਟੜਾ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਸ. ਦਲਜੀਤ ਸਿੰਘ ਭਿੰਡਰ, ਸ. ਰਵਿੰਦਰ ਸਿੰਘ ਖਾਲਸਾ ਤੇ ਸ. ਪ੍ਰਿਤਪਾਲ ਸਿੰਘ ਲੁਧਿਆਣਾ ਨੇ ਵੀ ਧਰਮ ਪ੍ਰਚਾਰ ਲਹਿਰ ਨੂੰ ਸਰਗਰਮ ਕਰਨ ਸਬੰਧੀ ਸੁਝਾਅ ਪੇਸ਼ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਪ੍ਰਿੰਸੀਪਲ ਸੁਰਿੰਦਰ ਸਿੰਘ, ਬੀਬੀ ਰਣਜੀਤ ਕੌਰ ਮਾਹਲਪੁਰ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਹੁਸ਼ਿਆਰਪੁਰ, ਭਾਈ ਅਜਾਇਬ ਸਿੰਘ ਅਭਿਆਸੀ ਅੰਮ੍ਰਿਤਸਰ, ਸ. ਸੁਖਵਰਸ਼ ਸਿੰਘ ਪੰਨੂ, ਸ. ਚਰਨ ਸਿੰਘ ਆਲਮਗੀਰ, ਸ. ਅਵਤਾਰ ਸਿੰਘ ਰਿਆ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਅਜਮੇਰ ਸਿੰਘ ਖੇੜਾ, ਜਥੇਦਾਰ ਤਾਰਾ ਸਿੰਘ ਸੱਲਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਦਵਿੰਦਰ ਸਿੰਘ ਖੱਟੜਾ, ਸ. ਗੁਰਬਖਸ਼ ਸਿੰਘ ਖਾਲਸਾ, ਗਿਆਨੀ ਫੂਲਾ ਸਿੰਘ ਹੈਡ ਗ੍ਰੰਥੀ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦਾ ਵਫਦ ਸਿੱਖ ਮਸਲਿਆਂ ਨੂੰ ਲੈ ਕੇ ਭਾਰਤ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਮਿਲੇਗਾ -ਭਾਈ ਲੌਂਗੋਵਾਲ

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੱਖ ਮਸਲਿਆਂ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦਾ ਇੱਕ ਉੱਚ ਪੱਧਰੀ ਵਫਦ ਜਲਦੀ ਹੀ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਜਗਦੀਸ਼ ਟਾਈਟਲਰ ਵੱਲੋਂ ਇਹ ਇਕਬਾਲ ਕਰਨਾ ਕਿ ਉਹ ਸੰਨ 1984 ਵਿਚ ਦਿੱਲੀ ਵਿਖੇ ਹੋਏ ਸਿੱਖ ਕਤਲੇਆਮ ਸਮੇਂ ਰਾਜੀਵ ਗਾਂਧੀ ਨਾਲ ਗੱਡੀ ਵਿਚ ਬੈਠ ਕੇ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਗਿਆ ਸੀ, ਉਸਦੇ ਇਸ ਕਤਲੇਆਮ ਵਿਚ ਸ਼ਾਮਲ ਹੋਣ ਦੀ ਗਵਾਹੀ ਵਜੋਂ ਹੀ ਮੰਨਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਟਾਈਟਲਰ ਵੱਲੋਂ ਅੱਜ 34 ਸਾਲਾਂ ਬਾਅਦ ਇਹ ਬਿਆਨ ਦੇਣਾ ਕਈ ਤਰ੍ਹਾਂ ਦੇ ਸਵਾਲ ਖੜ੍ਹੇ ਕਰਦਾ ਹੈ। ਜੇਕਰ ਉਸਦਾ ਇਹ ਇਕਬਾਲ ਸੱਚ ਹੈ ਤਾਂ ਅੱਧੀ ਸਦੀ ਦੇ ਲਗਭਗ ਸਮਾਂ ਬੀਤਣ ਤਕ ਉਸਨੇ ਪ੍ਰਗਟ ਕਿਉਂ ਨਾ ਕੀਤਾ। ਉਨ੍ਹਾਂ ਕੇਂਦਰ ਦੀਆਂ ਏਜੰਸੀਆਂ ਤੋਂ ਮੰਗ ਕੀਤੀ ਕਿ ਇਸ ਮਾਮਲੇ ਨੂੰ ਲੈ ਕੇ ਟਾਈਟਲਰ ਪਾਸੋਂ ਪੁੱਛਗਿਛ ਕਰਨੀ ਚਾਹੀਦੀ ਹੈ ਤਾਂ ਜੋ ਸੱਚਾਈ ਲੋਕਾਂ ਸਾਹਮਣੇ ਆ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਤੋਂ ਹੀ ਸਿੱਖ ਕਤਲੇਆਮ ਦੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕਰਦੀ ਰਹੀ ਹੈ ਅਤੇ ਉਹ ਹੁਣ ਵੀ ਮੰਗ ਕਰਦੇ ਹਨ ਕਿ ਦੋਸ਼ੀ ਕਿਸੇ ਵੀ ਹਾਲਤ ਵਿਚ ਬਚਣੇ ਨਹੀਂ ਚਾਹੀਦੇ ਅਤੇ ਸਿੱਖਾਂ ਨੂੰ ਇਸ ਮਾਮਲੇ ਵਿਚ ਨਿਆਂ ਮਿਲਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਧਾਰਾ 25 ਬੀ ਦੇ ਮਾਮਲੇ ਵਿਚ ਭਾਰਤ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਮਿਲਣ ਦੀ ਗੱਲ ਕਰਦਿਆਂ ਕਿਹਾ ਕਿ ਸਿੱਖ ਇੱਕ ਵੱਖਰੀ ਕੌਮ ਹੈ ਅਤੇ ਸ਼੍ਰੋਮਣੀ ਕਮੇਟੀ ਲੰਮੇ ਅਰਸੇ ਤੋਂ ਧਾਰਾ 25 ਬੀ ਵਿਚ ਸੋਧ ਕਰਨ ਦੀ ਮੰਗ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਲੰਘੇ ਸਮਿਆਂ ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸਾਂ ਸਮੇਂ ਇਸ ਸਬੰਧੀ ਮਤੇ ਪਾ ਕੇ ਵੀ ਸਰਕਾਰ ਨੂੰ ਭੇਜੇ ਜਾਂਦੇ ਰਹੇ ਹਨ। ਉਨ੍ਹਾਂ ਗੁਰੂ ਦੇ ਲੰਗਰਾਂ 'ਤੇ ਲਗਾਏ ਗਏ ਜੀ.ਐਸ.ਟੀ. ਸਬੰਧੀ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਨੂੰ ਲੈ ਕੇ ਭਾਰਤ ਦੇ ਪ੍ਰਧਾਨ ਮੰਤਰੀ, ਵਿੱਤ ਮੰਤਰੀ ਸਮੇਤ ਸੰਸਦ ਮੈਂਬਰਾਂ ਅਤੇ ਵੱਖ-ਵੱਖ ਸੂਬਿਆਂ ਦੇ ਵਿੱਤ ਮੰਤਰੀਆਂ ਨੂੰ ਪੱਤਰ ਲਿਖੇ ਗਏ ਸਨ ਅਤੇ ਭਵਿੱਖ ਵਿਚ ਵੀ ਇਸ ਸਬੰਧੀ ਸ਼੍ਰੋਮਣੀ ਕਮੇਟੀ ਦੀਆਂ ਕੋਸ਼ਿਸ਼ਾਂ ਜਾਰੀ ਰਹਿਣਗੀਆਂ।

# ਧਰਮ ਪ੍ਰਚਾਰ ਲਹਿਰ ਤਹਿਤ ਗੁਰਦਾਸਪੁਰ ਵਿਖੇ ਕਰਵਾਏ ਸੁੰਦਰ ਦਸਤਾਰ ਮੁਕਾਬਲੇ

ਗੁਰਦਾਸਪੁਰ- ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਦਾਸਪੁਰ ਦੇ ਗੁਰਦੁਆਰਾ ਝੂਲਣੇ ਮਹਿਲ ਵਿਖੇ ਸੁੰਦਰ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਜਾਣਕਾਰੀ ਦਿੰਦਿਆਂ ਪ੍ਰਚਾਰਕ ਭਾਈ ਗੁਰਨਾਮ ਸਿੰਘ ਨੇ ਦਸਿਆ ਕਿ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਇਨ੍ਹਾਂ ਮੁਕਾਬਲਿਆਂ ਵਿਚ ਬੜੇ ਉਤਸ਼ਾਹ ਨਾਲ ਭਾਗ ਲਿਆ। ਪਹਿਲੇ, ਦੂਜੇ ਅਤੇ ਤੀਜੇ ਨੰਬਰ 'ਤੇ ਆਉਣ ਵਾਲੇ ਬੱਚਿਆਂ ਨੂੰ ਪ੍ਰਬੰਧਕਾਂ ਵੱਲੋਂ ਸਨਮਾਨਤ ਕੀਤਾ ਗਿਆ। ਸਮਾਗਮ ਵਿਚ ਉਚੇਚੇ ਤੌਰ 'ਤੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜਫਰਵਾਲ, ਅਕਾਲੀ ਆਗੂ ਸਰਬਜੀਤ ਸਿੰਘ ਲਾਡੀ ਗੁਰਦੁਆਰਾ ਕਮੇਟੀ ਦੇ ਮੈਂਬਰ, ਸਕੂਲਾਂ ਦੇ ਅਧਿਆਪਕ ਅਤੇ ਸੰਗਤਾਂ ਹਾਜਰ ਸਨ।



# ਸਿੱਖ ਫ਼ਲਸਫ਼ੇ ਦਾ ਪ੍ਰਚਾਰ ਕਰਨਾ ਹਰ ਸਿੱਖ ਦੀ ਜ਼ੁੰਮੇਵਾਰੀ -ਭਾਈ ਗੋਬਿੰਦ ਸਿੰਘ ਲੌਂਗੋਵਾਲ

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਧਰਮ ਪ੍ਰਚਾਰ ਲਹਿਰ ਸਬੰਧੀ ਇਕੱਤਰਤਾ

### ਵਧੀਆ ਕਾਰਗੁਜ਼ਾਰੀ ਵਾਲੇ ਪ੍ਰਚਾਰਕਾਂ ਨੂੰ ਸਨਮਾਨਿਤ ਕਰੇਗੀ ਸ਼੍ਰੋਮਣੀ ਕਮੇਟੀ- ਭਾਈ ਲੌਂਗੋਵਾਲ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸ਼੍ਰੋਮਣੀ ਕਮੇਟੀ ਦਾ ਹਰ ਮੈਂਬਰ ਇੱਕ ਸਾਲ ਵਿਚ ਘੱਟੋ ਘੱਟ 550 ਪ੍ਰਾਣੀਆਂ ਨੂੰ ਅੰਮ੍ਰਿਤਧਾਰੀ ਬਣਾਉਣ ਲਈ ਅੱਗੇ ਆਵੇ। ਉਹ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ, ਪ੍ਰਚਾਰਕਾਂ, ਢਾਡੀ-ਕਵੀਸ਼ਰਾਂ, ਸਕੂਲਾਂ-ਕਾਲਜਾਂ ਦੇ ਪ੍ਰਿੰਸੀਪਲਾਂ, ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਅਤੇ ਲੋਕਲ ਗੁਰਦੁਆਰਾ ਕਮੇਟੀਆਂ ਦੇ ਅਹੁਦੇਦਾਰਾਂ ਦੀ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਸਬੰਧੀ ਰੱਖੀ ਗਈ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਿੱਖ ਫ਼ਲਸਫ਼ੇ, ਇਤਿਹਾਸ ਅਤੇ ਗੁਰਮਤਿ ਰਹਿਣੀ ਦਾ ਪ੍ਰਚਾਰ ਕਰਨਾ ਹਰ ਸਿੱਖ ਦੀ ਜ਼ੁੰਮੇਵਾਰੀ ਹੈ ਅਤੇ ਇਸ ਕਾਰਜ ਲਈ ਸਿੱਖ ਸੰਸਥਾਵਾਂ ਦੇ ਨਾਲ-ਨਾਲ ਹਰ ਇਕ ਸਿੱਖ ਨੂੰ ਪ੍ਰਚਾਰਕ ਬਣ ਕੇ ਕਾਰਜ ਕਰਨਾ ਪਵੇਗਾ।ਭਾਈ ਲੌਂਗੋਵਾਲ ਨੇ ਕਿਹਾ ਕਿ ਨਿਰਮਲੇ, ਉਦਾਸੀ ਆਦਿ ਸੰਪਰਦਾਵਾਂ ਸਿੱਖ ਧਰਮ ਦੀਆਂ ਸ਼ਾਖਾਵਾਂ ਹਨ ਅਤੇ ਸ਼੍ਰੋਮਣੀ ਕਮੇਟੀ ਸਭ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਲਹਿਰ ਨੂੰ ਅੱਗੇ ਵਧਾਏਗੀ। ਉਨ੍ਹਾਂ ਕਿਹਾ ਕਿ ਜੋ ਵੀ ਪ੍ਰਚਾਰਕ ਵਧੀਆ ਨਤੀਜੇ ਦੇਵੇਗਾ ਉਸ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ, ਪ੍ਰਚਾਰਕਾਂ, ਸਕੂਲਾਂ ਕਾਲਜਾਂ ਦੇ ਮੁੱਖੀਆਂ ਅਤੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨੂੰ 21 ਜਨਵਰੀ ਨੂੰ ਕਰਵਾਏ ਜਾਣ ਵਾਲੇ ਮਹਾਨ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਣ ਲਈ ਸੰਗਤਾਂ ਨੂੰ ਵੱਧ ਤੋਂ ਵੱਧ ਪ੍ਰੇਰਣਾ ਕਰਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਗੁਰਮਤਿ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸ਼ਲਾਘਾ ਕੀਤੀ ਅਤੇ ਵਰਤਮਾਨ ਸਮੇਂ ਵਿਚ ਸ਼ੋਸ਼ਲ ਮੀਡੀਆ ਨੂੰ ਧਰਮ ਪ੍ਰਚਾਰ ਲਈ ਵਰਤਣਾ ਸਮੇਂ ਦੀ ਲੋੜ ਦੱਸਿਆ।

ਇਸ ਦੌਰਾਨ ਸ਼੍ਰੋਮਣੀ ਅਕਾਲੀ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸ. ਸਿਕੰਦਰ ਸਿੰਘ ਮਲੂਕਾ ਨੇ ਸ਼੍ਰੋਮਣੀ ਕਮੇਟੀ ਨੂੰ ਸਿੱਖਾਂ ਦੀ ਸੁਪਰੀਮ ਧਾਰਮਿਕ ਸੰਸਥਾ ਦੱਸਦਿਆਂ ਇਸ ਵੱਲੋਂ ਕੌਮੀ ਸੰਗਠਨ ਅਤੇ ਪੰਥਕ ਮਰਿਯਾਦਾ ਦੀ ਪਹਿਰੇਦਾਰੀ ਲਈ ਨਿਭਾਈ ਭੂਮਿਕਾ ਦੀ ਸ਼ਲਾਘਾ ਕੀਤੀ। ਉਨ੍ਹਾਂ ਧਰਮ ਪ੍ਰਚਾਰ ਲਹਿਰ ਵਿਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੂਰਨ ਸਹਿਯੋਗ ਦੀ ਵਚਨਬੱਧਤਾ ਦਾ ਪ੍ਰਗਟਾਵਾ ਵੀ ਕੀਤਾ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਸ. ਸਤਵਿੰਦਰ ਸਿੰਘ ਟੌਹੜਾ ਅਤੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਧਰਮ ਪ੍ਰਚਾਰ ਲਹਿਰ ਦੇ ਪ੍ਰੋਗਰਾਮਾਂ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ ਅਤੇ ਸਟੇਜ ਸੰਚਾਲਕ ਦੀ ਭੂਮਿਕਾ ਐਡੀਸ਼ਨਲ ਸਕੱਤਰ ਸ. ਕੇਵਲ ਸਿੰਘ ਭੂਰਾਕੋਹਨਾ ਨੇ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਹਰਦੇਵ ਸਿੰਘ ਰੋਗਲਾ, ਸ. ਲਖਬੀਰ ਸਿੰਘ ਅਰਾਈਆਂ ਵਾਲਾ, ਸ. ਨਵਤੇਜ ਸਿੰਘ ਕਾਉਣੀ, ਸ. ਗੁਰਤੇਜ ਸਿੰਘ ਢੱਡੇ, ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਮੈਂਬਰਾਨ ਸ. ਮੋਹਨ ਸਿੰਘ ਬੰਗੀ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਅਵਤਾਰ ਸਿੰਘ ਵਣਵਾਲਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਸਵਿੰਦਰ ਸਿੰਘ ਸਭਰਵਾਲ, ਸ. ਪਰਮਜੀਤ ਸਿੰਘ ਖ਼ਾਲਸਾ ਬਰਨਾਲਾ, ਸ. ਮਲਕੀਤ ਸਿੰਘ ਚੰਗਾਲ, ਸ. ਲਾਭ ਸਿੰਘ ਦੇਵੀ ਨਗਰ, ਸ. ਸੁਰਜੀਤ ਸਿੰਘ ਕੰਗ, ਸ. ਸਤਵਿੰਦਰ ਸਿੰਘ ਟੌਹੜਾ, ਬੀਬੀ ਜੋਗਿੰਦਰ ਕੌਰ, ਸ. ਰਾਮਪਾਲ ਸਿੰਘ ਬਹਿਣੀਵਾਲ, ਬਾਬਾ ਸੁਖਚੈਨ ਸਿੰਘ ਧਰਮਪੁਰਾ, ਸ. ਮਿੱਠੂ ਸਿੰਘ ਕਾਹਨੇਕੇ, ਬੀਬੀ ਗੁਰਿੰਦਰ ਕੌਰ ਭੋਲੂਆਣਾ, ਸ. ਸੁਰਜੀਤ ਸਿੰਘ ਰਾਏਪੁਰ, ਸ, ਸੁਖਦੇਵ ਸਿੰਘ ਬਾਠ, ਸ. ਸੁਖਦਰਸ਼ਨ ਸਿੰਘ ਮਰਾੜ, ਸ. ਬਲਦੇਵ ਸਿੰਘ, ਸ. ਬਿਕਰ ਸਿੰਘ ਚੰਨੂ, ਬੀਬੀ ਕਿਰਨਵੀਰ ਕੌਰ ਭੁੱਲਰ, ਸ. ਹਰਦੀਪ ਸਿੰਘ ਖੋਖ, ਸ. ਗੁਰਲਾਲ ਸਿੰਘ ਫ਼ਤਹਿਗੜ੍ਹ, ਬਾਬਾ ਕਾਕਾ ਸਿੰਘ ਬੁੰਗਾ ਮਸਤੂਆਣਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਕੇਵਲ ਸਿੰਘ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਡਾ. ਗੁਰਵੀਰ ਸਿੰਘ, ਡਾ. ਚਮਕੌਰ ਸਿੰਘ, ਮੈਨੇਜਰ ਸ. ਕਰਨ ਸਿੰਘ, ਸ. ਸੁਮੇਰ ਸਿੰਘ, ਸ. ਗੁਰਲਾਲ ਸਿੰਘ, ਵੱਖ-ਵੱਖ ਸਕੂਲਾਂ ਕਾਲਜਾਂ ਦੇ ਪ੍ਰਿੰਸੀਪਲ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਧਾਰਮਿਕ ਅਧਿਆਪਕ, ਢਾਡੀ, ਕਵੀਸ਼ਰ, ਲੋਕਲ ਗੁਰਦੁਆਰਾ ਕਮੇਟੀਆਂ ਦੇ ਅਹੁਦੇਦਾਰ ਅਤੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

18 ਜਨਵਰੀ




# ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਗੁਰਮਤਿ ਸੱਭਿਆਚਾਰ ਦੇ ਪ੍ਰਸਾਰ ਲਈ ਵਚਨਬੱਧ-ਭਾਈ ਗੋਬਿੰਦ ਸਿੰਘ ਲੌਂਗੋਵਾਲ

ਸ੍ਰੀ ਅਨੰਦਪੁਰ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਧਰਮ ਪ੍ਰਚਾਰ ਲਹਿਰ ਤਹਿਤ ਕਰਵਾਏ ਗਏ ਇਕ ਵਿਸ਼ਾਲ ਗੁਰਮਤਿ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰਬਾਣੀ, ਸਿੱਖ ਇਤਿਹਾਸ ਅਤੇ ਗੁਰਮਤਿ ਰਹਿਣੀ ਨਾਲ ਅਜੋਕੀ ਨੌਜੁਆਨੀ ਨੂੰ ਜੋੜਨਾ ਵਰਤਮਾਨ ਸਮੇਂ ਦੀ ਵੱਡੀ ਲੋੜ ਹੈ ਅਤੇ ਇਸੇ ਕਰਕੇ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਵਿਉਂਤਬੰਦੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਸਿੱਖ ਕੌਮ ਨੂੰ ਜੋ ਮਾਰਗ ਦਰਸ਼ਨ ਦਿੱਤਾ, ਉਹ ਦੁਨੀਆਂ ਨਾਲੋਂ ਨਿਵੇਕਲਾ ਹੈ। ਉਨ੍ਹਾਂ ਕਿਹਾ ਕਿ ਬੇਸ਼ੱਕ ਅੱਜ ਦੇ ਪ੍ਰਸੰਗ ਵਿਚ ਧਰਮ ਪ੍ਰਚਾਰ ਕਰਨ ਦੇ ਸਰੋਕਾਰ ਬਦਲੇ ਹਨ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਤਰ੍ਹਾਂ ਗੁਰਮਤਿ ਸੱਭਿਆਚਾਰ ਦੇ ਪ੍ਰਸਾਰ ਲਈ ਵਚਨਬੱਧ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਧਰਮ ਪ੍ਰਚਾਰ ਲਹਿਰ ਦਾ ਹਿੱਸਾ ਬਣ ਕੇ ਸਮਾਜ ਨੂੰ ਸਿਹਤਮੰਦ ਅਤੇ ਨਰੋਆ ਬਣਾਉਣ ਲਈ ਆਪੋ-ਆਪਣਾ ਯੋਗਦਾਨ ਪਾਈਏ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਪਾਵਨ ਧਰਤੀ ਸਦਾ ਹੀ ਸਿੱਖ ਧਰਮ ਦੇ ਪ੍ਰਚਾਰ ਦਾ ਕੇਂਦਰੀ ਧੁਰਾ ਰਹੀ ਹੈ ਅਤੇ ਇਸੇ ਮਹੱਤਤਾ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਇਥੇ ਵਿਸ਼ੇਸ਼ ਤੌਰ ’ਤੇ ਧਰਮ ਪ੍ਰਚਾਰ ਕੇਂਦਰ ਸਥਾਪਿਤ ਕੀਤਾ ਗਿਆ ਹੈ, ਤਾਂ ਜੋ ਇਸ ਇਲਾਕੇ ਵਿਚ ਧਰਮ ਪ੍ਰਚਾਰ ਸਰਗਰਮੀਆਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਉਨ੍ਹਾਂ ਧਰਮ ਪ੍ਰਚਾਰ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਸ਼ੰਸਾ ਕਰਦਿਆਂ ਸੰਗਤਾਂ ਨੂੰ ਇਸ ਵਿਚ ਵੱਧ ਚੜ੍ਹ ਕੇ ਹਿੱਸਾ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਤੇ ਹਲਕਾ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਮੈਂਬਰ ਪ੍ਰਿੰਸੀਪਲ ਸੁਰਿੰਦਰ ਸਿੰਘ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਭਾਈ ਪ੍ਰਿਤਪਾਲ ਸਿੰਘ ਲੁਧਿਆਣਾ ਅਤੇ ਐਡੀ. ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਵੀ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਾਂਝੇ ਰੂਪ ਵਿਚ ਸਨਮਾਨਿਤ ਵੀ ਕੀਤਾ। ਇਸ ਤੋਂ ਪਹਿਲਾਂ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਫੂਲਾ ਸਿੰਘ, ਗਿਆਨੀ ਹਰਪਾਲ ਸਿੰਘ ਫ਼ਤਹਿਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਰਵਿੰਦਰ ਸਿੰਘ ਚੱਕ, ਸ਼੍ਰੋਮਣੀ ਕਮੇਟੀ ਮੈਂਬਰ ਸ. ਦਵਿੰਦਰ ਸਿੰਘ ਖੱਟੜਾ, ਸ. ਜੰਗਬਹਾਦਰ ਸਿੰਘ ਰਾਏ, ਬੀਬੀ ਰਣਜੀਤ ਕੌਰ ਮਾਹਿਲਪੁਰ, ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਸ. ਦਲਜੀਤ ਸਿੰਘ ਭਿੰਡਰ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਅਜਮੇਰ ਸਿੰਘ ਖੇੜਾ, ਸ. ਰਵਿੰਦਰ ਸਿੰਘ ਖ਼ਾਲਸਾ, ਬੀਬੀ ਹਰਜਿੰਦਰ ਕੌਰ ਪਵਾਤ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਬਾਬਾ ਚਰਨਜੀਤ ਸਿੰਘ ਊਨਾ ਵਾਲੇ, ਬਾਬਾ ਗੁਰਪ੍ਰੀਤ ਸਿੰਘ ਹਰੀਆਂ ਵੇਲਾਂ, ਬਾਬਾ ਭਗਤ ਸਿੰਘ ਬੁੱਢਾ ਦਲ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਦਿਲਜੀਤ ਸਿੰਘ ਬੇਦੀ, ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਡਾ. ਪਰਮਜੀਤ ਸਿੰਘ ਸਰੋਆ, ਮੈਨੇਜਰ ਸ. ਰਣਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

11 ਫ਼ਰਵਰੀ





# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਇਆ ਹਫ਼ਤਾਵਾਰੀ ਗੁਰਮਤਿ ਸਮਾਗਮ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਇਸ ਮੌਕੇ ਭਾਈ ਜਗਦੀਸ਼ ਸਿੰਘ ਵਡਾਲਾ ਦੇ ਢਾਡੀ ਜਥੇ ਅਤੇ ਭਾਈ ਸੁੱਚਾ ਸਿੰਘ ਡੇਰਾ ਪਠਾਣਾਂ ਦੇ ਕਵੀਸ਼ਰ ਜਥੇ ਨੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਵਿੱਚੋਂ ਪ੍ਰਸੰਗ ਸਾਂਝੇ ਕੀਤੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰਮਤਿ ਦਾ ਫ਼ਲਸਫ਼ਾ ਮਨੁੱਖਾ ਜੀਵਨ ਨੂੰ ਸਚਿਆਰ ਬਣਾਉਣ ਲਈ ਸੁਚੱਜਾ ਮਾਰਗ ਦਰਸ਼ਨ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਅੰਦਰ ਸਮਾਜ ਵਿਚ ਪ੍ਰਚੱਲਤ ਕੁਰੀਤੀਆਂ ਦੇ ਖ਼ਾਤਮੇ ਲਈ ਗੁਰਬਾਣੀ ਦੀ ਸਿੱਖਿਆ 'ਤੇ ਅਮਲ ਕਰਨਾ ਜ਼ਰੂਰੀ ਹੈ। ਇਸ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਇਹ ਸਮਾਗਮ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਨ, ਇਸ ਲਈ ਸਾਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸਿਧਾਂਤ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਇਸ ਲਹਿਰ ਨਾਲ ਜੁੜਨ ਦੀ ਲੋੜ ਹੈ।

ਇਸ ਮੌਕੇ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਜਸਪਾਲ ਸਿੰਘ, ਭਾਈ ਗੁਰਵਿੰਦਰ ਸਿੰਘ ਵੜੈਚ ਤੇ ਭਾਈ ਲਖਬੀਰ ਸਿੰਘ ਕੱਕਾ ਕੰਡਿਆਲਾ ਨੇ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਸਮੇਂ ਦੋ ਸੌ ਦੱਸ ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸ ਮੌਕੇ ਵੱਖ-ਵੱਖ ਹਲਕਿਆਂ ਤੋਂ ਸੰਗਤਾਂ ਹਫ਼ਤਾਵਾਰੀ ਸਮਾਗਮਾਂ ਲਈ ਵਿਸ਼ੇਸ਼ ਬੱਸਾਂ ਰਾਹੀਂ ਪਹੁੰਚੀਆਂ। ਇਸ ਵਿਚ ਹਲਕਾ ਡੇਰਾ ਬਾਬਾ ਨਾਨਕ ਤੋਂ 2 ਬੱਸਾਂ, ਹਲਕਾ ਅਜਨਾਲਾ ਤੋਂ 1, ਹਲਕਾ ਪੱਟੀ ਤੋਂ 1, ਹਲਕਾ ਜਲਾਲਾਬਾਦ ਤੋਂ 2, ਹਲਕਾ ਕਾਲਾ ਅਫ਼ਗਾਨਾ ਤੋਂ 1, ਹਲਕਾ ਫਗਵਾੜਾ ਤੋਂ 1, ਹਲਕਾ ਧਾਰੀਵਾਲ ਤੋਂ 1 ਅਤੇ ਹਲਕਾ ਗੁਰਦਾਸਪੁਰ (ਸੇਖਵਾਂ) 1 ਬੱਸ ਰਾਹੀਂ ਸੰਗਤਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਫ਼ਤਾਵਾਰੀ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਈਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਮੰਗਵਿੰਦਰ ਸਿੰਘ ਖਾਪੜਖੇੜੀ ਤੇ ਭਾਈ ਅਜਾਇਬ ਸਿੰਘ ਅਭਿਆਸੀ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ, ਸਮੇਤ ਸੰਗਤਾਂ ਹਾਜ਼ਰ ਸਨ।

18 ਫਰਵਰੀ

# ਕਾਲਾ ਅਫਗਾਨਾ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਮਾਗਮ

ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਕਾਲਾ ਅਫਗਾਨਾ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਮਾਗਮ ਕੀਤੇ ਗਏ। ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੀ ਅਗਵਾਈ ਵਿਚ ਹਲਕੇ ਦੇ ਪਿੰਡ ਦੀਵਾਨੀਵਾਲ ਕਲਾਂ, ਦੀਵਾਨੀਵਾਲ ਖੁਰਦ, ਲੱਖੋਰਾਹ, ਮਸਾਣੀਆਂ, ਲੌਂਗੋਵਾਲ ਕਲਾਂ, ਕਾਲੀਆਂ, ਲੌਂਗੋਵਾਲ ਖੁਰਦ, ਮਲਕਪੁਰ, ਕੋਟਲੀ ਭਾਨ ਸਿੰਘ, ਦਿਆਲਗੜ, ਸਮਰਾਏ, ਨਵਾਂ ਪਿੰਡ ਮਹਿਮਾਵਾਲਾ, ਕੰਡਿਆਲ, ਦਾਖਲਾ, ਸੋਹਡਪੁਰ, ਕਿਲਾ ਟੇਕ ਸਿੰਘ, ਬਹਾਦਰਪੁਰ, ਰੰਗੜਨੰਗਲ ਆਦਿ ਵਿਚ ਗੁਰਮਤਿ ਸਮਾਗਮ ਕੀਤੇ ਗਏ। ਇਨ੍ਹਾਂ ਸਮਾਗਮਾਂ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਬਲਜੋਧ ਸਿੰਘ ਅਤੇ ਭਾਈ ਸੁੱਚਾ ਸਿੰਘ ਡੇਰਾ ਪਠਾਣਾਂ ਦੇ ਕਵੀਸ਼ਰ ਜਥੇ ਨੇ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਸਮੇਂ ਜਿਥੇ ਗੁਰਦੁਆਰਾ ਸਹਿਬਾਨ ਵਿਚ ਗੁਰਮਤਿ ਵਿਚਾਰਾਂ ਰਾਹੀਂ ਸਿੱਖੀ ਨਾਲ ਜੋੜਿਆ ਗਿਆ, ਉਥੇ ਨੌਜਵਾਨਾਂ ਨੂੰ ਅਮੀਰ ਸਿੱਖ ਇਤਿਹਾਸ ਯਾਦ ਕਰਵਾਉਂਦਿਆਂ ਕੇਸ ਰੱਖਣ ਦੀ ਪ੍ਰੇਰਨਾ ਵੀ ਕੀਤੀ ਗਈ।

# ਗੁਰਮਤਿ ਪ੍ਰਚਾਰ ਲਹਿਰ ਤਹਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਵੱਖ-ਵੱਖ ਬੁਲਾਰਿਆਂ ਵੱਲੋਂ ਧਰਮ ਪ੍ਰਚਾਰ ਲਹਿਰ ਨੂੰ ਸਮਰਥਨ ਦੇਣ ਦਾ ਭਰੋਸਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਪ੍ਰਚਾਰ ਲਹਿਰ ਤਹਿਤ ਮਾਝਾ ਖੇਤਰ ਵਿਚ ਹਫ਼ਤਾਵਾਰੀ ਸਮਾਗਮਾਂ ਦੀ ਸ਼ੁਰੂਆਤ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਵੱਖ-ਵੱਖ ਸੰਪਰਦਾਵਾਂ ਦੇ ਮੁਖੀ, ਕਾਰ ਸੇਵਾ ਵਾਲੇ ਮਹਾਂਪੁਰਸ਼, ਨਿਹੰਗ ਸਿੰਘ ਦਲਾਂ ਦੇ ਮੁਖੀ, ਵਿਦਿਅਕ ਸੰਸਥਾਵਾਂ ਦੇ ਮੁਖੀ ਅਤੇ ਹੋਰ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਹਜ਼ੂਰੀ ਰਾਗੀ ਭਾਈ ਕਮਲਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤਾਂ ਨੂੰ ਕਥਾ ਵਿਚਾਰਾਂ ਸਰਵਣ ਕਰਵਾਈਆਂ। ਇਸ ਤੋਂ ਇਲਾਵਾ ਪੰਥ ਪ੍ਰਸਿੱਧ ਢਾਡੀ ਜਥਿਆਂ ਨੇ ਵੀ ਹਾਜ਼ਰੀ ਭਰੀ।

ਸਮਾਗਮ ਦੌਰਾਨ ਸ੍ਰੀ ਅਕਾਲ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ

**ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ ਜਲਦ ਆਰੰਭ ਕੀਤਾ ਜਾਵੇਗਾ- ਭਾਈ ਲੌਂਗੋਵਾਲ**




ਕਿ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਆਰੰਭ ਹੋਈ ਗੁਰਮਤਿ ਪ੍ਰਚਾਰ ਲਹਿਰ ਵਰਤਮਾਨ ਸਮੇਂ ਅੰਦਰ ਘਰ-ਘਰ ਤਕ ਪਹੁੰਚਾਉਣਾ ਹੋਰ ਵੀ ਜ਼ਰੂਰੀ ਹੈ ਕਿਉਂਕਿ ਮੌਜੂਦਾ ਸਮੇਂ ਅੰਦਰ ਵੀ ਅੰਧ-ਵਿਸ਼ਵਾਸ, ਕਰਮ-ਕਾਂਡ, ਵਹਿਮ-ਭਰਮ ਆਦਿ ਮੂੰਹ ਅੱਡੀ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਮਾਜਿਕ ਕੁਰੀਤੀਆਂ ਵਿੱਚੋਂ ਮਨੁੱਖਤਾ ਨੂੰ ਬਾਹਰ ਕੱਢਣਾ ਸਮੇਂ ਦੀ ਮੁੱਖ ਲੋੜ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਨੌਜੁਆਨੀ ਨੂੰ ਸਿੱਖੀ ਸਰੂਪ ਵਿਚ ਕਾਇਮ ਰੱਖਣ ਲਈ ਸਮੂਹ ਸਿੱਖ ਜਥੇਬੰਦੀਆਂ, ਪ੍ਰਚਾਰਕਾਂ ਅਤੇ ਮਾਪਿਆਂ ਨੂੰ ਸੰਯੁਕਤ ਰੂਪ ਵਿਚ ਹੰਭਲਾ ਮਾਰਨ ਦੀ ਲੋੜ ਹੈ। ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰੂ ਕੀ ਵਡਾਲੀ ਵਿਖੇ ਬਣਾਏ ਗਏ ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ ਨੂੰ ਇਸੇ ਸਾਲ ਚਲਾਉਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਦੀ ਪ੍ਰਚਾਰਕ ਸ਼੍ਰੇਣੀ ਵਿਚ ਬੀਬੀਆਂ ਦੀ ਸ਼ਮੂਲੀਅਤ ਵੀ ਜ਼ਰੂਰੀ ਹੈ ਅਤੇ ਇਸ ਸਬੰਧ ਵਿਚ ਵੀ ਸ਼੍ਰੋਮਣੀ ਕਮੇਟੀ ਵੱਲੋਂ ਸੰਜੀਦਾ ਯਤਨ ਕੀਤੇ ਜਾਣਗੇ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਪ੍ਰਚਾਰ ਅਤੇ ਲੋਕ-ਭਲਾਈ ਕਾਰਜਾਂ ਸਬੰਧੀ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਮਾਣਮੱਤੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਸ਼ਵ ਭਰ ਵਿਚ ਵੱਸਦੇ ਸਿੱਖਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਸਦਾ ਮੋਹਰੀ ਰਹੀ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਨੌਜੁਆਨਾਂ ਅੰਦਰ ਦਸਤਾਰ ਸਜਾਉਣ ਦੇ ਰੁਝਾਨ ਨੂੰ ਪੈਦਾ ਕਰਨ ਲਈ ਸਿੱਖ ਸੰਸਥਾਵਾਂ ਨੂੰ ਪਹਿਲ ਦੇ ਆਧਾਰ 'ਤੇ ਹੰਭਲਾ ਮਾਰਨਾ ਚਾਹੀਦਾ ਹੈ ਤਾਂ ਜੋ ਨੌਜੁਆਨੀ ਨੂੰ ਸਿੱਖੀ ਵੱਲ ਪ੍ਰੇਰਿਆ ਜਾਵੇ।

ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਵਾਤਾਵਰਣ ਪ੍ਰੇਮੀ ਬਾਬਾ ਬਲਬੀਰ ਸਿੰਘ ਸੀਚੇਵਾਲ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਵਿਚਾਰ ਸਾਂਝੇ ਕਰਦਿਆਂ ਸੰਗਤਾਂ ਨੂੰ ਨਸ਼ਿਆਂ ਤੇ ਵਿਕਾਰਾਂ ਤੋਂ ਬਚਣ ਲਈ ਗੁਰਬਾਣੀ ਦੇ ਬਚਨਾਂ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਭਾਈ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ, ਸੀਨੀਅਰ ਅਕਾਲੀ ਆਗੂ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਸ. ਰਵਿੰਦਰ ਸਿੰਘ ਬ੍ਰਹਮਪੁਰਾ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਬੀਬੀ ਗੁਰਪ੍ਰੀਤ ਕੌਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਭਾਈ ਅਜਾਇਬ ਸਿੰਘ ਅਭਿਆਸੀ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਬਲਜੀਤ ਸਿੰਘ ਜਲਾਉਸਮਾ, ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਸ. ਸਰਵਣ ਸਿੰਘ ਕੁਲਾਰ, ਸ. ਪਰਮਜੀਤ ਸਿੰਘ ਰਾਏਪੁਰ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਬੀਬੀ ਜੋਗਿੰਦਰ ਕੌਰ ਧਰਮ ਕੋਟ, ਬੀਬੀ ਸਰਵਣ ਕੌਰ ਗੁਰੂ ਕਾ ਬਾਗ਼, ਬੀਬੀ ਦਵਿੰਦਰ ਕੌਰ ਕਾਲੜਾ, ਸ. ਰਤਨ ਸਿੰਘ ਜ਼ਫਰਵਾਲ, ਜਥੇਦਾਰ ਤਾਰਾ ਸਿੰਘ ਸੱਲ੍ਹਾਂ, ਬਾਬਾ ਚਰਨਜੀਤ ਸਿੰਘ ਸੁਰਸਿੰਘ ਵਾਲੇ, ਬਾਬਾ ਸੁਖਚੈਨ ਸਿੰਘ ਦਰਾਜਕੇ, ਬਾਬਾ ਗਿਆਨ ਸਿੰਘ ਮਨਿਹਾਲਾ, ਬਾਬਾ ਬਲਵਿੰਦਰ ਸਿੰਘ ਕੈਰੋਂਵਾਲ ਵਾਲੇ, ਬਾਬਾ ਅਰਵਿੰਦਰ ਸਿੰਘ ਖਡੂਰ ਸਾਹਿਬ, ਬਾਬਾ ਮੇਜਰ ਸਿੰਘ ਵਾਂ, ਭਾਈ ਜਨਕ ਸਿੰਘ ਸੋਢੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਸ. ਅਵਤਾਰ ਸਿੰਘ ਸੈਂਪਲਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। 28 ਜਨਵਰੀ

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਇਆ ਵਿਸ਼ਾਲ ਗੁਰਮਤਿ ਸਮਾਗਮ

## ਸਮਾਜਕ ਸਮੱਸਿਆਵਾਂ ਦੇ ਹੱਲ ਲਈ ਧਰਮ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ -ਭਾਈ ਲੌਂਗੋਵਾਲ

ਤਲਵੰਡੀ ਸਾਬੋ, - ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਗਲੇ ਵਰ੍ਹੇ ਆ ਰਹੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਪ੍ਰਚਾਰ ਲਹਿਰ ਤਹਿਤ ਉਲੀਕੇ ਗਏ ਹਫਤਾਵਾਰੀ ਸਮਾਗਮਾਂ ਦੀ ਆਰੰਭਤਾ 21 ਜਨਵਰੀ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਇੱਕ ਵਿਸ਼ਾਲ ਗੁਰਮਤਿ ਸਮਾਗਮ ਨਾਲ ਕੀਤੀ ਗਈ। ਇਸ ਗੁਰਮਤਿ ਸਮਾਗਮ ਵਿਚ ਸੱਚਖੰਡ



ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਨੰਦ ਸਿੰਘ ਤੇ ਭਾਈ ਸਾਹਿਬ ਸਿੰਘ ਦੇ ਰਾਗੀ ਜੱਥਿਆਂ ਅਤੇ ਪ੍ਰਸਿੱਧ ਕਥਾਵਾਚਕ ਭਾਈ ਬਲਦੇਵ ਸਿੰਘ ਲੁਧਿਆਣਾ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਜੋੜਿਆ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ



ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਅਤੇ ਗੁਰਮਤਿ ਰਹਿਣੀ ਦੇ ਧਾਰਨੀ ਬਣਨ ਦੀ ਪ੍ਰੇਰਨਾ ਕੀਤੀ।

ਗੁਰਮਤਿ ਸਮਾਗਮ ਦੌਰਾਨ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰਬਾਣੀ ਦੀ ਵਿਚਾਰਧਾਰਾ ਮਨੁੱਖ ਦੇ ਜੀਵਨ ਨੂੰ ਸੁਚੱਜਾ ਬਣਾਉਣ ਲਈ ਉੱਤਮ ਮਾਰਗ ਦਰਸ਼ਨ ਹੈ, ਜਿਸ 'ਤੇ ਚੱਲਣਾ ਹਰ ਸਿੱਖ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਕੇਵਲ ਸਿੱਖਾਂ ਨੂੰ ਹੀ ਸੇਧ ਨਹੀਂ ਦਿੱਤੀ ਸਗੋਂ ਉਨ੍ਹਾਂ ਨੇ ਸਮੁੱਚੀ ਮਾਨਵਤਾ ਨੂੰ ਚੰਗੇਰੇ ਜੀਵਨ ਦਾ ਰਸਤਾ ਦਿਖਾਇਆ। ਉਨ੍ਹਾਂ ਕਿਹਾ ਕਿ ਭਾਰਤ ਦੀ ਸੰਸਕ੍ਰਿਤੀ ਨੂੰ ਬਚਾਉਣ ਵਾਲੇ ਸਿੱਖਾਂ ਨੂੰ ਅੱਜ ਕਈ ਸ਼ਕਤੀਆਂ ਕਮਜ਼ੋਰ ਕਰਨ ਦੇ ਰਾਹ ਤੁਰੀਆਂ ਹੋਈਆਂ ਹਨ ਜਿਸਦਾ ਮੁਕਾਬਲਾ ਵੀ ਸਾਨੂੰ ਸੰਯੁਕਤ ਉਪਰਾਲਿਆਂ ਨਾਲ ਕਰਨਾ ਹੋਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਤੇ ਚੁਣੌਤੀਆਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਧਰਮ ਪ੍ਰਚਾਰ ਲਹਿਰ ਆਰੰਭੀ ਗਈ ਹੈ ਜੋ ਜ਼ਮੀਨੀ ਪੱਧਰ 'ਤੇ ਕਾਰਜਸ਼ੀਲ ਰਹੇਗੀ। ਉਨ੍ਹਾਂ ਸੰਗਤਾਂ ਨੂੰ ਧਰਮ ਪ੍ਰਚਾਰ ਲਈ ਸਹਿਯੋਗੀ ਬਣਨ ਦੀ ਅਪੀਲ ਵੀ ਕੀਤੀ।

ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸ. ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਸੰਗਤਾਂ ਨੂੰ ਆਪਣੇ ਵਿਰਸੇ ਅਤੇ ਇਤਿਹਾਸ ਨਾਲ ਜੋੜਨ ਲਈ ਪ੍ਰਚਾਰਕ ਸ਼੍ਰੇਣੀ ਦਾ ਅਹਿਮ ਯੋਗਦਾਨ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਕ ਮਾਤਰ ਅਜਿਹੀ ਸੰਸਥਾ ਹੈ ਜੋ ਵੱਡੀ ਗਿਣਤੀ ਵਿਚ ਪ੍ਰਚਾਰਕਾਂ, ਢਾਡੀ, ਕਵੀਸ਼ਰਾਂ ਤੇ ਰਾਗੀਆਂ ਦੁਆਰਾ ਸੰਗਤਾਂ ਤਕ ਪਹੁੰਚ ਕਰ ਰਹੀ ਹੈ।

ਇਸ ਮੌਕੇ ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ, ਵਿਧਾਇਕ ਸ. ਦਿਲਰਾਜ ਸਿੰਘ ਭੂੰਦੜ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਗੁਰਮੀਤ ਸਿੰਘ ਬੂਹ, ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਸ. ਨਵਤੇਜ ਸਿੰਘ ਕਾਉਣੀ ਤੇ ਸ. ਹਰਦੇਵ ਸਿੰਘ ਰੋਗਲਾ, ਮੈਂਬਰ ਸ. ਮੋਹਣ ਸਿੰਘ ਬੰਗੀ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਬਿੱਕਰ ਸਿੰਘ ਚੰਨੂ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਮਨਜੀਤ ਸਿੰਘ ਬੱਪੀਆਣਾ, ਬਾਬਾ ਸੁਖਚੈਨ ਸਿੰਘ ਧਰਮਪੁਰਾ, ਬੀਬੀ ਪਰਮਜੀਤ ਕੌਰ, ਜਥੇਦਾਰ ਇੰਦਰਮੋਹਣ ਸਿੰਘ ਲਖਮੀਰੇਵਾਲ, ਬੀਬੀ ਰਣਜੀਤ ਕੌਰ ਘਰਾਚੋਂ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਬੀਬੀ ਕਿਰਨਵੀਰ ਕੌਰ ਭੁੱਲਰ, ਸ. ਬਲਦੇਵ ਸਿੰਘ ਚੂੰਘਾ, ਸ. ਸੁਖਦਰਸ਼ਨ ਸਿੰਘ ਮਰਾੜ, ਜਥੇਦਾਰ ਲਾਭ ਸਿੰਘ ਦੇਵੀਨਗਰ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਮਿੱਠੂ ਸਿੰਘ ਕਾਹਨੇਕੇ, ਸ. ਸੁਖਦੇਵ ਸਿੰਘ ਬਾਠ, ਸ. ਸੁਰਜੀਤ ਸਿੰਘ ਰਾਏਪੁਰ, ਬੀਬੀ ਨਰਿੰਦਰ ਕੌਰ ਰਣੀਆ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਜਸਬੀਰ ਕੌਰ ਦਾਤੇਵਾਸ, ਸ. ਕੌਰ ਸਿੰਘ, ਸ. ਉਦੈ ਸਿੰਘ ਲੌਂਗੋਵਾਲ, ਸ. ਸੁਖਦੇਵ ਸਿੰਘ ਦਿਆਲਪੁਰਾ, ਸ. ਦਰਸ਼ਨ ਸਿੰਘ ਕੋਟਫੱਤਾ, ਸ. ਸਵਰਨ ਸਿੰਘ ਹੀਰੇਵਾਲਾ, ਬਾਬਾ ਮੇਜਰ ਸਿੰਘ, ਬਾਬਾ ਅਰਜਨ ਦੇਵ ਸਿੰਘ, ਬਾਬਾ ਛੋਟਾ ਸਿੰਘ, ਸ. ਗੁਰਮੀਤ ਸਿੰਘ ਬੁਰਜਮਹਿਮਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਪ੍ਰੋ: ਬਲਵਿੰਦਰ ਸਿੰਘ ਜੌੜਾ ਸਿੰਘਾ ਤੇ ਸ. ਕੇਵਲ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। 21 ਜਨਵਰੀ

**ਪ੍ਰਕਾਸ਼ਕ:**
**ਸਕੱਤਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।**
**ਛਾਪਕ:**
**ਗੋਲਡਨ ਆਫਸੈੱਟ ਪ੍ਰੈਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।**

# ਦਰਬਾਰ ਸਾਹਿਬ ਵਿਖੇ ਜੋੜਾ ਘਰ ਦੀ ਨਵੀਂ ਬਣ ਰਹੀ ਇਮਾਰਤ ਦਾ ਲੈਂਟਰ ਪਾਇਆ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜੋੜਾ ਘਰ ਦੇ ਵਿਸਥਾਰ ਤਹਿਤ ਬਣ ਰਹੀ ਨਵੀਂ ਇਮਾਰਤ ਦੀ ਪਹਿਲੀ ਮੰਜ਼ਿਲ ਦੇ ਲੈਂਟਰ ਦੀ ਕਾਰ ਸੇਵਾ ਦੀ ਆਰੰਭਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਕੀਤੀ ਗਈ। ਜ਼ਿਕਰਯੋਗ ਹੈ ਕਿ ਬੀਤੀ 5 ਜਨਵਰੀ ਨੂੰ ਇਸ ਜੋੜਾ ਘਰ ਦੀ ਜ਼ਮੀਨਦੋਜ਼ ਮੰਜ਼ਿਲ ਦਾ ਲੈਂਟਰ ਪਾਇਆ ਗਿਆ ਸੀ। ਇਸ ਮੌਕੇ ਅਨੰਦ ਸਾਹਿਬ ਦੇ ਪਾਠ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ। ਇਸ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਵਿਸ਼ਵ ਭਰ ਤੋਂ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਰੋਜ਼ਾਨਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜਦੀਆਂ ਹਨ, ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਮੌਜੂਦਾ ਪ੍ਰਬੰਧਾਂ ਤੇ ਸਹੂਲਤਾਂ ਦਾ ਲੋੜ ਅਨੁਸਾਰ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਸ਼ਲਾਘਾਯੋਗ ਹਨ।

ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਕਾਰ ਸੇਵਾ ਭੂਰੀ ਵਾਲੇ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਸ. ਸੱਜਣ ਸਿੰਘ ਬੱਜੂਮਾਨ ਤੇ ਬੀਬੀ ਗੁਰਪ੍ਰੀਤ ਕੌਰ, ਮੈਂਬਰ ਭਾਈ ਮਨਜੀਤ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਰਾਮ ਸਿੰਘ, ਸ. ਰਜਿੰਦਰ ਸਿੰਘ ਮਹਿਤਾ, ਬੀਬੀ ਜੋਗਿੰਦਰ ਕੌਰ, ਸ. ਪ੍ਰੀਤਮ ਸਿੰਘ ਮਲਸੀਆ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਦਰਸ਼ਨ ਸਿੰਘ ਸ਼ੇਰ ਖਾਂ, ਬਾਬਾ ਨਿਰਮਲ ਸਿੰਘ, ਸ. ਅਮਰਜੀਤ ਸਿੰਘ ਬੰਡਾਲਾ ਤੇ ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਗੁਰਪਿੰਦਰ ਸਿੰਘ ਵਡਾਲਾ, ਬਾਬਾ ਨਾਹਰ ਸਿੰਘ, ਮਹੰਤ ਗੋਪਾਲ ਸਿੰਘ ਕੋਠਾਰੀ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਸ. ਕੇਵਲ ਸਿੰਘ ਤੇ ਡਾ. ਪਰਮਜੀਤ ਸਿੰਘ ਸਰੋਆ, ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਸੁਲੱਖਣ ਸਿੰਘ, ਬਾਬਾ ਫਤਹਿ ਸਿੰਘ, ਬਾਬਾ ਪ੍ਰੇਮ ਸਿੰਘ, ਸ. ਅਮਰਜੀਤ ਸਿੰਘ, ਬਾਬਾ ਸ਼ਿੰਦਾ ਸਿੰਘ, ਬਾਬਾ ਨਰਿੰਦਰ ਸਿੰਘ, ਬਾਬਾ ਕਰਨ ਸਿੰਘ ਅਤੇ ਵੱਡੀ ਗਿਣਤੀ ਸੰਗਤਾ ਹਾਜ਼ਰ ਸਨ। 23 ਜਨਵਰੀ



# ਤਸਵੀਰਾਂ ਦੀ ਜ਼ੁਬਾਨੀ



ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪ੍ਰਬੰਧਕੀ ਕੰਪਲੈਕਸ ਦੀ ਬਿਲਡਿੰਗ ਲਈ ਕਾਰ ਸੇਵਾ ਆਰੰਭ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਨਰਿੰਦਰ ਸਿੰਘ, ਬਾਬਾ ਸੁਖਵਿੰਦਰ ਸਿੰਘ, ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਹੋਰ।



ਗੁਰਦੁਆਰਾ ਤਪ ਅਸਥਾਨ ਬਾਬਾ ਬੁੱਢਾ ਜੀ ਰਾਮਦਾਸ ਵਿਖੇ ਲੰਗਰ ਹਾਲ ਦੀ ਇਮਾਰਤ ਦਾ ਨੀਂਹ ਪੱਥਰ ਰੱਖਦੇ ਹੋਏ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਉਨ੍ਹਾਂ ਨਾਲ ਬਾਬਾ ਜਗਤਾਰ ਸਿੰਘ ਤਰਨਤਾਰਨ ਵਾਲੇ, ਡਾ. ਰਤਨ ਸਿੰਘ ਅਜਨਾਲਾ, ਸ. ਅਮਰਪਾਲ ਸਿੰਘ ਬੋਨੀ ਅਤੇ ਹੋਰ।



ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਮਾਗਮ ਸਮੇਂ ਅਰਦਾਸ ਕਰਦੇ ਹੋਏ ਭਾਈ ਗੁਰਚਰਨ ਸਿੰਘ ਅਤੇ ਅਰਦਾਸ ਵਿਚ ਸ਼ਾਮਲ ਸੰਗਤਾਂ।



ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਦੇ ਵਜ਼ੀਫੇ ਵੰਡਣ ਸਮੇਂ ਵਿਦਿਆਰਥੀਆਂ ਨਾਲ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਕਸ਼ਮੀਰ ਸਿੰਘ ਬਰਿਆਰ ਤੇ ਹੋਰ।



ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਵਿਖੇ ਵੱਖ-ਵੱਖ ਕਾਰਜਾਂ ਦਾ ਸ਼ੁਭ-ਆਰੰਭ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਹੋਰ।



ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਧਰਮ ਪ੍ਰਚਾਰ ਲਹਿਰ ਤਹਿਤ 210 ਪ੍ਰਾਣੀ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।




ਗੁਰਦੁਆਰਾ ਸਾਹਿਬਾਨ ਵਿਖੇ ਪਖਾਨਿਆਂ ਦੀ ਸਾਫ਼-ਸਫ਼ਾਈ ਲਈ ਮੋਬਾਇਲ ਵੈਨ ਸੇਵਾ ਦੀ ਆਰੰਭਤਾ ਸਮੇਂ ਸ. ਮਨਜੀਤ ਸਿੰਘ ਬਾਠ, ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਸ. ਸੁਲੱਖਣ ਸਿੰਘ ਭੰਗਾਲੀ ਅਤੇ ਹੋਰ।



ਧਰਮ ਪ੍ਰਚਾਰ ਲਹਿਰ ਤਹਿਤ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਵੱਖ-ਵੱਖ ਸਕੂਲਾਂ ਵਿਚ ਪਹੁੰਚ ਕੇ ਗੁਰਬਾਣੀ ਦੀਆਂ ਸਿੱਖਿਆਵਾਂ ਤੋਂ ਜਾਣੂੰ ਕਰਵਾਉਂਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।



ਧਰਮ ਪ੍ਰਚਾਰ ਲਹਿਰ ਤਹਿਤ ਬੁੱਢਾ ਜੌਹੜ ਵਿਖੇ ਕਰਵਾਏ ਅੰਮ੍ਰਿਤ-ਸੰਚਾਰ ਦੌਰਾਨ ਅੰਮ੍ਰਿਤ ਛਕਣ ਵਾਲੇ 75 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ।



ਮਾਲਵਾ ਜ਼ੋਨ ਦੇ ਪਿੰਡ ਦਾਨ ਸਿੰਘ ਵਾਲਾ ਵਿਖੇ ਕਰਵਾਏ ਗਏ ਅੰਮ੍ਰਿਤ-ਸੰਚਾਰ ਦੌਰਾਨ ਅੰਮ੍ਰਿਤ ਛਕਣ ਵਾਲੇ 44 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ।

# ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਰਿਵਾਰ ਸਮੇਤ ਹੋਏ ਨਤਮਸਤਕ

ਅੰਮ੍ਰਿਤਸਰ- ਮਨੁੱਖਤਾ ਦੇ ਅਧਿਆਤਮਿਕ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ



## ਸਿੱਖ ਕੌਮ ਵੱਲੋਂ ਸ਼੍ਰੋਮਣੀ ਕਮੇਟੀ ਨੇ ਕੀਤਾ ਵਿਸ਼ੇਸ਼ ਸਨਮਾਨ



ਅੰਮ੍ਰਿਤਸਰ ਵਿਖੇ ਪਹੁੰਚਣ 'ਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਿਸਟਰ ਜਸਟਿਨ ਟਰੂਡੋ ਦਾ ਸਮੁੱਚੇ ਸੰਸਾਰ ਦੇ ਸਿੱਖਾਂ ਵੱਲੋਂ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਨੇ ਸ਼ਾਨਦਾਰ ਸਵਾਗਤ ਕੀਤਾ। ਜਿਉਂ ਹੀ ਜਸਟਿਨ ਟਰੂਡੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਅਕਾਲੀ ਸਰਕਾਰ ਸਮੇਂ ਬਣੇ ਸੁੰਦਰ ਪਲਾਜ਼ਾ ਵਿਖੇ ਪਹੁੰਚੇ ਤਾਂ ਉਨ੍ਹਾਂ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਫੁੱਲਾਂ ਦੇ ਗੁਲਦਸਤਿਆਂ ਨਾਲ ਭਰਪੂਰ ਸਵਾਗਤ ਹੋਇਆ। ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦਾ ਸਵਾਗਤ ਕਰਨ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਉਚੇਚੇ ਤੌਰ'ਤੇ ਮੌਜੂਦ ਸਨ। ਜਸਟਿਨ ਟਰੂਡੋ ਦੇ ਨਾਲ ਉਨ੍ਹਾਂ ਦੀ ਪਤਨੀ ਸੋਫੀ ਟਰੂਡੋ, ਬੇਟੀ ਐਲਾਗ੍ਰੇਸ ਤੇ ਇੱਕ ਬੇਟਾ ਵੀ ਮੌਜੂਦ ਸਨ। ਇਸ ਤੋਂ ਇਲਾਵਾ ਕੈਨੇਡਾ ਸਰਕਾਰ ਦੇ ਚਾਰ ਸਿੱਖ/ਪੰਜਾਬੀ ਮੰਤਰੀ ਹਰਜੀਤ ਸਿੰਘ ਸੱਜਣ, ਨਵਦੀਪ ਸਿੰਘ ਬੈਂਸ, ਅਮਰਜੀਤ ਸਿੰਘ ਸੋਹੀ ਤੇ ਬਰਦੀਸ਼ ਕੌਰ ਚੱਗਰ ਸਮੇਤ ਹੋਰ ਮੰਤਰੀ ਅਤੇ ਮੈਂਬਰ ਪਾਰਲੀਮੈਂਟ ਵੀ ਉਨ੍ਹਾਂ ਦੇ ਨਾਲ ਸਨ। ਘੰਟਾ ਘਰ ਬਾਹੀ ਮੁੱਖ ਪ੍ਰਵੇਸ਼ ਦੁਆਰ ਤੋਂ ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿਚ ਉੱਤਰਦਿਆਂ ਹੀ ਕੈਨੇਡੀਅਨ ਪ੍ਰਧਾਨ ਮੰਤਰੀ ਅਤੇ ਉਸ ਦੇ ਪਰਿਵਾਰ ਨੇ ਕੁਝ ਪਲ ਰੁਕ ਕੇ ਰੂਹਾਨੀ ਵਾਤਾਵਰਣ ਨੂੰ ਮਹਿਸੂਸ ਕੀਤਾ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਪਹਿਲਾਂ ਉਹ ਸ੍ਰੀ ਗੁਰੂ ਰਾਮਦਾਸ ਲੰਗਰ ਘਰ ਵਿਖੇ ਗਏ, ਜਿਥੇ ਉਨ੍ਹਾਂ ਨੇ ਪ੍ਰਸ਼ਾਦੇ ਤਿਆਰ ਕਰਨ ਦੀ ਸੇਵਾ ਕੀਤੀ। ਇਸ ਤੋਂ ਬਾਅਦ ਜਸਟਿਨ ਟਰੂਡੋ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਤਿਕਾਰ ਭੇਟ ਕਰਦਿਆਂ ਜਿਥੇ ਕੜਾਹਿ ਪ੍ਰਸ਼ਾਦਿ ਦੀ ਦੇਗ ਕਰਵਾਈ, ਉਥੇ ਹੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਰੁਮਾਲਾ ਸਾਹਿਬ ਵੀ ਭੇਟ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ, ਫੁੱਲਾਂ ਦਾ ਹਾਰ ਅਤੇ ਗੁਲਦਸਤਾ ਗੁਰੂ ਬਖ਼ਸ਼ਿਸ਼ ਵਜੋਂ ਦਿੱਤਾ। ਇਸ ਤੋਂ ਇਲਾਵਾ ਸਿੰਘ ਸਾਹਿਬ ਨੇ ਪ੍ਰਧਾਨ ਮੰਤਰੀ ਦੇ ਪਰਿਵਾਰ ਸਮੇਤ ਸਿੱਖ/ਪੰਜਾਬੀ ਮੰਤਰੀਆਂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਿਰੋਪਾਓ ਦੀ ਬਖ਼ਸ਼ਿਸ ਕੀਤੀ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਨੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਪਰਕਰਮਾ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੇਤ ਇਥੇ ਸਥਿਤ ਹੋਰ ਪਾਵਨ ਅਸਥਾਨਾਂ ਦੇ ਇਤਿਹਾਸ, ਧਾਰਮਿਕ ਅਤੇ ਸਮਾਜਿਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ, ਜਿਸ ਨੂੰ ਉਨ੍ਹਾਂ ਗੰਭੀਰਤਾ ਨਾਲ ਸੁਣਿਆ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸੂਚਨਾ ਕੇਂਦਰ ਵਿਖੇ ਜਸਟਿਨ ਟਰੂਡੋ ਤੇ ਉਨ੍ਹਾਂ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਸਨਮਾਨਿਤ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ ਵਿਚ ਉਨ੍ਹਾਂ ਨੂੰ ਸਿਰੋਪਾਓ, ਲੋਈ, ਸੁਨਹਿਰੀ ਸ੍ਰੀ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਧਾਰਮਿਕ ਪੁਸਤਕਾਂ ਦਾ ਸੈੱਟ ਦਿੱਤਾ ਗਿਆ। ਇਸ ਦੌਰਾਨ ਜਸਟਿਨ ਟਰੂਡੋ ਦੇ ਪਰਿਵਾਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੈਨੇਡਾ ਦੇ ਪ੍ਰਧਾਨ ਮੰਤਰੀ ਨੇ ਵਿਜ਼ਟਰ ਬੁੱਕ ਵਿਚ ਲਿਖਿਆ ਕਿ 'ਉਨ੍ਹਾਂ ਲਈ ਵੱਡੇ ਮਾਣ ਦੀ ਗੱਲ ਹੈ ਕਿ ਉਨ੍ਹਾਂ ਨੂੰ ਇੱਕ ਖ਼ੂਬਸੂਰਤ ਅਤੇ ਮਹਾਨ ਪਾਵਨ ਅਸਥਾਨ ਦੇ ਦਰਸ਼ਨ ਕਰਨ ਸਮੇਂ ਬੇਹੱਦ ਸਤਿਕਾਰ ਪ੍ਰਾਪਤ ਹੋਇਆ ਹੈ। ਇਥੇ ਨਤਮਸਤਕ ਹੋ ਕੇ ਸਾਨੂੰ ਪ੍ਰਭੂ ਕਿਰਪਾ ਅਤੇ ਨਿਮਰਤਾ ਦਾ ਅਨੁਭਵ ਮਹਿਸੂਸ ਹੋਇਆ ਹੈ।'

### ਸੰਗਤਾਂ ਨੇ ਕੀਤਾ ਭਰਪੂਰ ਸਵਾਗਤ

ਜਸਟਿਨ ਟਰੂਡੋ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਕਰਮਾ ਕਰਦਿਆਂ ਸੰਗਤਾਂ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਇਹ ਪਹਿਲੀ ਵਾਰ ਸੀ ਕਿ ਕਿਸੇ ਵੱਡੀ ਵਿਦੇਸ਼ੀ ਸ਼ਖ਼ਸੀਅਤ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ



ਪੁੱਜਣ 'ਤੇ ਸੰਗਤਾਂ ਵੱਲੋਂ ਏਨਾ ਸਤਿਕਾਰ ਦਿੱਤਾ ਗਿਆ ਹੋਵੇ। ਪਰਕਰਮਾ ਕਰਦਿਆਂ ਜਿਥੇ ਸੰਗਤਾਂ ਉਨ੍ਹਾਂ ਨੂੰ ਦੋਵੇਂ ਹੱਥ ਜੋੜ ਕੇ ਅਤੇ ਬੋਲੇ ਸੋ ਨਿਹਾਲ ਦੇ ਜੈਕਾਰੇ ਬੁਲਾ ਕੇ ਉਨ੍ਹਾਂ ਦਾ ਸਵਾਗਤ ਕਰ ਰਹੀਆਂ ਸਨ, ਉਥੇ ਹੀ ਜਸਟਿਨ ਟਰੂਡੋ ਅਤੇ ਉਨ੍ਹਾਂ ਦੇ ਪਰਿਵਾਰ ਨੇ ਦੋਵੇਂ ਹੱਥ ਜੋੜ ਕੇ ਜਵਾਬੀ ਸਤਿਕਾਰ ਦਿੱਤਾ।



ਇਥੇ ਇਹ ਵੀ ਦੱਸਣਯੋਗ ਹੈ ਕਿ ਜਸਟਿਨ ਟਰੂਡੋ ਨੇ ਪਰਕਰਮਾ ਕਰਦਿਆਂ ਕਰੀਬ 10



ਵਾਰ ਫ਼ਤਹਿ ਬੁਲਾਈ ਅਤੇ ਸੰਗਤ ਦੇ ਜੈਕਾਰਿਆਂ ਦਾ ਜਵਾਬ ਵੀ ਦਿੱਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਰੱਖਿਆ ਪ੍ਰਬੰਧਾਂ ਦੇ ਮੱਦੇਨਜ਼ਰ ਸ੍ਰੀ ਦਰਬਾਰ ਸਾਹਿਬ ਦੀਆਂ ਪਰਕਰਮਾ ਵਿਚ ਮੁਲਾਜ਼ਮਾਂ ਦੀ ਮਨੁੱਖੀ ਕੜੀ ਬਣਾ ਕੇ ਸੰਗਤ ਦੀ ਆਵਾਜਾਈ ਬਰਾਂਡਿਆਂ ਵਿਚ ਦੀ ਕੀਤੀ ਹੋਈ ਸੀ ਅਤੇ ਸੰਗਤਾਂ ਵੱਲੋਂ ਇਸ ਪ੍ਰਬੰਧ ਵਿਚ ਮੁਕੰਮਲ ਤੌਰ 'ਤੇ ਸਹਿਯੋਗ ਦਿੱਤਾ ਗਿਆ।

### ਵਿਸ਼ਵ ਅੰਦਰ ਸਿੱਖਾਂ ਦੀ ਵਿਲੱਖਣ ਪਛਾਣ ਨੂੰ ਬਲ ਮਿਲੇਗਾ-ਭਾਈ ਲੌਂਗੋਵਾਲ

ਜਸਟਿਨ ਟਰੂਡੋ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕੈਨੇਡੀਅਨ ਪ੍ਰਧਾਨ ਮੰਤਰੀ ਵੱਲੋਂ ਸਿੱਖਾਂ ਦੇ ਕੇਂਦਰੀ ਧਾਰਮਿਕ ਅਸਥਾਨ ਵਿਖੇ ਨਤਮਸਤਕ ਹੋਣ ਨਾਲ ਵਿਸ਼ਵ ਭਰ ਵਿਚ ਸਿੱਖ ਪਛਾਣ ਨੂੰ ਬਲ ਮਿਲੇਗਾ, ਉਥੇ ਹੀ ਵਿਦੇਸ਼ਾਂ ਅੰਦਰ ਸਿੱਖਾਂ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਵੀ ਯਕੀਨਨ ਠੱਲ੍ਹ ਪਵੇਗੀ। ਉਨ੍ਹਾਂ ਕੈਨੇਡੀਅਨ ਪ੍ਰਧਾਨ ਮੰਤਰੀ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਸੰਗਤ ਵੱਲੋਂ ਦਿੱਤੇ ਗਏ ਭਰਪੂਰ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਸਮੇਤ ਸਮੁੱਚੇ ਮੁਲਾਜ਼ਮਾਂ ਦਾ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਧੰਨਵਾਦ ਵੀ ਕੀਤਾ।

### ਜਸਟਿਨ ਟਰੂਡੋ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਦਿੱਤਾ ਯਾਦਗਾਰੀ ਸਿੱਕਾ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਦਰਸ਼ਨ ਕਰਨ ਆਏ ਕੈਨੇਡਾ ਦੇ ਪ੍ਰਧਾਨ ਮੰਤਰੀ ਮਿਸਟਰ ਜਸਟਿਨ ਟਰੂਡੋ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਇਕ ਯਾਦਗਾਰੀ ਸਿੱਕਾ ਤੋਹਫ਼ੇ ਵਜੋਂ ਦਿੱਤਾ ਹੈ। ਇਹ ਸੁਨਹਿਰੀ ਸਿੱਕਾ ਜਸਟਿਨ ਟਰੂਡੋ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਉਦੋਂ ਦਿੱਤਾ, ਜਦੋਂ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸਨਮਾਨਤਿ ਕੀਤਾ ਗਿਆ ਸੀ। ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ.ਰੂਪ ਸਿੰਘ ਨੇ ਦੱਸਿਆ ਕਿ ਜਸਟਿਨ ਟਰੂਡੋ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਤੋਹਫ਼ੇ ਵਜੋਂ ਇਕ ਸੁਨਹਿਰੀ ਸਿੱਕਾ ਦਿੱਤਾ ਗਿਆ, ਜਿਸ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਖੁਸ਼ੀ ਨਾਲ ਪ੍ਰਵਾਨ ਕੀਤਾ। ਉਨ੍ਹਾਂ ਦੱਸਿਆ ਕਿ ਇੱਕ ਸੁੰਦਰ ਬਕਸੇ ਵਿਚ ਪੈਕ ਕਰਕੇ ਦਿੱਤੇ ਗਏ ਇਸ ਸੁਨਹਿਰੀ ਸਿੱਕੇ 'ਤੇ ਮੈਪਲ ਟਰੀ ਉਕਰਿਆ ਹੋਇਆ ਹੈ।

ਡਾ. ਰੂਪ ਸਿੰਘ ਅਨੁਸਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਯਾਦਗਾਰੀ ਸਿੱਕੇ ਨੂੰ ਕੇਂਦਰੀ ਸਿੱਖ ਅਜਾਇਬਘਰ ਵਿਚ ਰੱਖਣ ਦਾ ਅਦੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਕੀਮਤੀ ਸੌਗਾਤ ਕੇਂਦਰੀ ਸਿੱਖ ਅਜਾਇਬ ਘਰ ਦਾ ਹਿੱਸਾ ਬਣੇਗੀ ਅਤੇ ਇਸ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਵਾਲੀਆਂ ਸੰਗਤਾਂ ਵੀ ਵੇਖ ਸਕਣਗੀਆਂ।

21 ਫਰਵਰੀ

# ਦੁਰਗਾਪੁਰੀ ਹੈਬੋਵਾਲ ਕਲਾਂ ਵਿਖੇ ਕਰਵਾਇਆ ਗੁਰਮਤਿ ਸਮਾਗਮ

ਲੁਧਿਆਣਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਤਿੰਨ ਰੋਜ਼ਾ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬਜ਼ਾਦਾ ਜੋਰਾਵਰ ਸਿੰਘ ਜੀ ਦੁਰਗਾਪੁਰੀ ਹੈਬੋਵਾਲ ਕਲਾਂ ਵਿਖੇ ਕਰਵਾਇਆ ਗਿਆ। ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦਗੰਜ ਸ੍ਰੀ ਅੰਮ੍ਰਿਤਸਰ ਤੋਂ ਆਏ ਹਜ਼ੂਰੀ ਰਾਗੀ ਭਾਈ



ਅਮਨਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸ. ਪ੍ਰਿਤਪਾਲ ਸਿੰਘ ਮੈਂਬਰ ਧਰਮ ਪ੍ਰਚਾਰ ਕਮੇਟੀ ਨੇ ਇਸ ਮੌਕੇ ਸੰਗਤਾਂ ਨੂੰ ਸਿੱਖ ਵਿਰਸੇ ਤੋਂ ਜਾਣੂ ਕਰਵਾਉਂਦਿਆਂ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਨਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਬੱਚਿਆਂ ਨੂੰ ਕੇਸਾਂ ਦੀ ਮਹੱਤਤਾ ਸਮਝਾਉਂਦਿਆਂ ਸਾਬਤ ਸੂਰਤ ਰਹਿਣ ਦੀ ਹਦਾਇਤ ਵੀ ਕੀਤੀ। ਇਸ ਮੌਕੇ ਪ੍ਰਚਾਰਕ ਭਾਈ ਸਰਬਜੀਤ ਸਿੰਘ ਨੇ ਸੰਗਤਾਂ ਨੂੰ ਗੁਰੂ ਉਪਦੇਸ਼ਾਂ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਬਚਿਆਂ ਦੇ ਧਾਰਮਿਕ ਮੁਕਾਬਲੇ ਵੀ ਕਰਵਾਏ ਗਏ। ਧਾਰਮਿਕ ਮੁਕਾਬਲਿਆਂ ਵਿਚ ਜੇਤੂ ਰਹਿਣ ਵਾਲੇ ਬਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ ਨੇ ਮੈਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਭੁਪਿੰਦਰ ਸਿੰਘ, ਸ. ਬਿਕਰਮਜੀਤ ਸਿੰਘ, ਸ. ਗੁਰਪ੍ਰੀਤ ਸਿੰਘ ਭਿੰਡਰ, ਸਾਬਕਾ ਪ੍ਰਧਾਨ ਗੁਰਮੁਖ ਸਿੰਘ, ਸ. ਅਜਾਇਬ ਸਿੰਘ, ਸ. ਸੰਤੋਖ ਸਿੰਘ, ਸ. ਬਲਜਿੰਦਰ ਸਿੰਘ, ਸ. ਸੁਰਿੰਦਰ ਸਿੰਘ ਸਮੇਤ ਸੰਗਤਾਂ ਹਾਜਰ ਸਨ।

# ਪਿੰਡ ਲੱਖਣ ਕੇ ਪੱਡਾ ਵਿਖੇ ਕਰਵਾਇਆ ਗਿਆ ਗੁਰਮਤਿ ਸਮਾਗਮ

ਬੇਗੋਵਾਲ-ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਮਤਿ ਸਮਾਗਮ ਦਾਣਾ ਮੰਡੀ ਲੱਖਣ ਕੇ ਪੱਡਾ ਵਿਖੇ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ 18 ਫਰਵਰੀ ਨੂੰ ਕਰਵਾਇਆ ਗਿਆ। ਸਮਾਗਮ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਵਿਸ਼ੇਸ ਤੌਰ ਤੇ ਹਾਜ਼ਰ ਹੋਏ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖਸ਼ੇ ਸਿਧਾਂਤਾਂ ਅਨੁਸਾਰ ਜੀਵਨ ਬਤੀਤ ਕਰਦਿਆਂ ਸਮੇਂ ਦੀਆਂ ਦੁਸ਼ਵਾਰੀਆਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਬੀਬੀ ਜਗੀਰ ਕੌਰ ਨੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਨਣ ਦੀ ਪ੍ਰੇਰਨਾ ਕੀਤੀ। ਇਸ ਤੋਂ ਪਹਿਲਾਂ ਹਜੂਰੀ ਰਾਗੀ ਭਾਈ ਤਾਰਬਲਬੀਰ ਸਿੰਘ ਅਤੇ ਭਾਈ ਕਮਲਜੀਤ ਸਿੰਘ ਦੇ ਰਾਗੀ ਜਥਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਭਾਈ ਸੁਰਜੀਤ ਸਿੰਘ ਸਭਰਾ, ਪ੍ਰਚਾਰਕ ਭਾਈ ਅਮਰਿੰਦਰ ਸਿੰਘ ਅਤੇ ਡਾ. ਅਮਰੀਕ ਸਿੰਘ ਮੁਕੇਰੀਆਂ ਨੇ ਵੀ ਗੁਰਮਤਿ ਵਿਚਾਰਾਂ ਰਾਹੀਂ ਹਾਜਰੀ ਭਰੀ। ਢਾਡੀ ਗਿਆਨੀ ਪੂਰਨ ਸਿੰਘ ਅਰਸ਼ੀ ਨੇ ਵਾਰਾਂ ਰਾਹੀਂ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਕੀਤੀ। ਸਮਾਗਮ ਦੇ ਪ੍ਰਬੰਧਾਂ ਦੀ ਸਾਰੀ ਜੁੰਮੇਵਾਰੀ ਪਿੰਡ ਦੀ ਸੰਗਤ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਨਿਭਾਈ ਗਈ। ਇਸ ਮੌਕੇ ਸ. ਤੇਜਿੰਦਰ ਸਿੰਘ ਪੱਡਾ ਮੀਤ ਸਕੱਤਰ ਸ਼੍ਰੋਮਣੀ ਕਮੇਟੀ, ਬਾਬਾ ਗੁਰਦੇਵ ਸਿੰਘ ਪੱਡਾ ਪੰਚ, ਮਾਸਟਰ ਸਾਧੂ ਸਿੰਘ ਪੱਡਾ ਸ. ਗੁਰਨਾਮ ਸਿੰਘ ਸ਼ਾਹ, ਸ. ਸੋਹਣ ਸਿੰਘ ਪੱਡਾ, ਸ. ਮੰਗਲ ਸਿੰਘ ਲਾਡੀ, ਮਾਸਟਰ ਅਜੀਤ ਸਿੰਘ ਚੀਮਾਂ, ਸ. ਬਲਕਾਰ ਸਿੰਘ ਪੱਡਾ, ਕਰਮਜੀਤ ਸਿੰਘ ਨੰਬਰਦਾਰ, ਮਾਸਟਰ ਕਰਨੈਲ ਸਿੰਘ ਸਰਪੰਚ, ਸ. ਜਸਵੰਤ ਸਿੰਘ ਸ਼ਾਹ, ਡਾ. ਗੁਰਿੰਦਰ ਸਿੰਘ ਪੱਡਾ ਪੰਚ, ਸ. ਤੀਰਥ ਸਿੰਘ ਪੱਡਾ, ਮਾਸਟਰ ਜਸਪਾਲ ਸਿੰਘ ਪੱਡਾ, ਸ. ਸੁਖਜਿੰਦਰ ਸਿੰਘ ਖਹਿਰਾ, ਸ. ਸਤਨਾਮ ਸਿੰਘ ਪੱਡਾ ਤੇ ਜਤਿੰਦਰ ਸਿੰਘ ਖਾਲਸਾ ਸਮੇਤ



ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਸ਼੍ਰੋਮਣੀ ਕਮੇਟੀ ਵੱਲੋਂ ਬੰਗਲਾਦੇਸ਼ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਹਰ ਸਾਲ ਜਥੇ ਭੇਜਣ ਦਾ ਫੈਸਲਾ

# ਗੁਰਦੁਆਰਿਆਂ ਦੇ ਪ੍ਰਬੰਧਾਂ ਦੀ ਆਨਲਾਈਨ ਕੈਮਰਿਆਂ ਰਾਹੀਂ ਕੇਂਦਰੀ ਦਫਤਰ ਕਰੇਗਾ ਨਿਗਰਾਨੀ : ਭਾਈ ਗੋਬਿੰਦ ਸਿੰਘ ਲੌਂਗੋਵਾਲ

ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੰਗਲਾਦੇਸ਼ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸੰਗਤੀ ਜਥੇ ਭੇਜਣ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਅੱਜ ਇਥੇ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਲਿਆ ਗਿਆ।

ਇਕੱਤਰਤਾ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਬੰਗਲਾਦੇਸ਼ ਵਿਖੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਹਰ ਸਾਲ ਜਥੇ ਭੇਜੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਸਾਲ 101 ਸ਼ਰਧਾਲੂਆਂ ਦਾ ਪਹਿਲਾ ਜਥਾ ਜਾਵੇਗਾ ਅਤੇ ਇਸ ਦੀ ਅਗਵਾਈ ਅੰਤ੍ਰਿੰਗ ਕਮੇਟੀ ਮੈਂਬਰ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ ਅਤੇ ਸ. ਹਰਦੇਵ ਸਿੰਘ ਰੋਗਲਾ ਕਰਨਗੇ। ਉਨ੍ਹਾਂ ਹੋਰ ਫੈਸਲਿਆਂ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਸੋਨੇ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ ਤਿਆਰ ਕਰੇਗੀ।

ਆਨਲਾਈਨ ਕੈਮਰਿਆਂ ਦੀ ਵਿਵਸਥਾ ਕੀਤੀ ਜਾਵੇਗੀ। ਇਸ ਵਿਧੀ ਰਾਹੀਂ ਗੁਰਦੁਆਰਾ ਸਾਹਿਬ ਦੀ ਗੋਲਕ ਗਿਣਤੀ ਅਤੇ ਸਟੋਰ ਆਦਿ ਦੀ ਆਨਲਾਈਨ ਨਿਗਰਾਨੀ ਕੀਤੀ ਜਾਵੇਗੀ, ਜਿਸ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਸ੍ਰੀ ਅੰਮ੍ਰਿਤਸਰ ਨਾਲ ਜੋੜਿਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ, ਅਕਾਊਂਟੈਂਟਾਂ ਅਤੇ ਸਟੋਰ ਕੀਪਰਾਂ ਨੂੰ ਤਿੰਨ ਸਾਲ ਤੋਂ ਵੱਧ ਇਕੋ ਸਥਾਨ 'ਤੇ ਤਾਇਨਾਤ ਨਹੀਂ ਕੀਤਾ ਜਾਵੇਗਾ ਅਤੇ ਜਿਨ੍ਹਾਂ ਦੀ ਸਰਵਿਸ ਤਿੰਨ ਸਾਲ ਤੋਂ ਵੱਧ ਜ਼ਿਆਦਾ ਹੋਵੇਗੀ ਉਨ੍ਹਾਂ ਤਬਾਦਲਿਆਂ ਨੂੰ ਯਕੀਨੀ ਬਣਾਇਆ ਜਾਵੇਗਾ।

ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਇਕ ਹੋਰ ਅਹਿਮ ਫੈਸਲੇ ਬਾਰੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਵੱਖ-ਵੱਖ ਗੁਰਦੁਆਰਾ

ਇਹ ਤਿੰਨ ਸਟੋਰ ਅੰਮ੍ਰਿਤਸਰ, ਸ੍ਰੀ ਆਨੰਦਪੁਰ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਬਣਾਏ ਜਾਣਗੇ।

ਉਨ੍ਹਾਂ ਜਾਣਕਾਰੀ ਦਿੱਤੀ ਕਿ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਰਿਕਾਰਡ ਦਾ ਕੰਪਿਊਟਰੀਕਰਨ ਕੀਤੇ ਜਾਣ ਦਾ ਫੈਸਲਾ ਕੀਤਾ ਗਿਆ, ਜਿਸ ਤਹਿਤ ਗੁਰੂ ਘਰਾਂ ਦੀਆਂ ਜ਼ਮੀਨਾਂ ਜਾਇਦਾਦਾਂ ਦੇ ਮੁਕੰਮਲ ਵੇਰਵੇ ਵੀ ਕੰਪਿਊਟਰ ਵਿਧੀ ਨਾਲ ਸੰਭਾਲੇ ਜਾਣਗੇ। ਇਸ ਤੋਂ ਇਲਾਵਾ ਦਫਤਰੀ ਰਿਕਾਰਡ ਨੂੰ ਇਸ ਪ੍ਰਕਿਰਿਆ ਰਾਹੀਂ ਸੰਭਾਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ ਵਿਚ ਸਥਾਪਿਤ ਗੁਰਦੁਆਰਾ ਸ੍ਰੀ ਦਰਬਾਰ ਡੇਰਾ ਬਾਬਾ ਨਾਨਕ ਦੀ ਨਵੀਂ ਇਮਾਰਤ ਤਿਆਰ ਕਰਨ ਨੂੰ ਵੀ ਪ੍ਰਵਾਨ ਕੀਤਾ ਗਿਆ ਹੈ। ਇਸ ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਪਾਸੋਂ ਕਰਵਾਈ ਜਾਵੇਗੀ, ਜਿਸ ਨੂੰ 2019 ਵਿਚ ਆ ਰਹੇ 550ਸਾਲਾ ਪ੍ਰਕਾਸ਼ ਪੁਰਬ ਤੋਂ ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਿਥੇ ਮੀਡੀਆ ਦੀ ਸਮਾਜ ਅੰਦਰ ਭੂਮਿਕਾ ਦੀ ਸ਼ਲਾਘਾ ਕੀਤੀ, ਉਥੇ ਹੀ ਉਨ੍ਹਾਂ ਇਸ ਗੱਲ 'ਤੇ ਚਿੰਤਾ

## ਪਹਿਲੇ ਪਾਤਸ਼ਾਹ ਦੇ 550ਸਾਲਾ ਪ੍ਰਕਾਸ਼ ਪੁਰਬ ਮੌਕੇ ਸੋਨੇ-ਚਾਂਦੀ ਦੇ ਸਿੱਕੇ ਤਿਆਰ ਕਰਨ ਦਾ ਫੈਸਲਾ

ਪ੍ਰਗਟ ਕੀਤੀ ਕਿ ਇਕ ਨਿੱਜੀ ਟੀ.ਵੀ. ਚੈਨਲ ਵੱਲੋਂ ਜਾਣ ਬੁੱਝ ਕੇ ਸ਼੍ਰੋਮਣੀ ਕਮੇਟੀ ਨੂੰ ਪਿਛਲੇ ਸਮਿਆਂ ਤੋਂ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਜੀ.ਟੀ.ਵੀ. ਪੰਜਾਬੀ ਚੈਨਲ ਦਾ ਨਾਂ ਲੈਂਦਿਆਂ ਕਿਹਾ ਕਿ ਬੀਤੇ ਸਮੇਂ ਤੋਂ ਚੈਨਲ ਦੀਆਂ ਸ਼੍ਰੋਮਣੀ ਕਮੇਟੀ ਅਤੇ ਪੰਥ ਵਿਰੋਧੀ ਗਤੀਵਿਧੀਆਂ ਨੇ ਸੋਚਣ ਲਈ ਮਜ਼ਬੂਰ ਕੀਤਾ ਹੈ। ਇਸ ਲਈ ਅੰਤ੍ਰਿੰਗ ਕਮੇਟੀ ਵੱਲੋਂ ਅੱਜ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਹੈ ਕਿ ਜੇਕਰ ਇਸ ਚੈਨਲ ਨੇ ਗਿਣੀ ਮਿੱਥੀ ਸਾਜ਼ਿਸ਼ ਤਹਿਤ ਕੀਤੀਆਂ ਜਾਂਦੀਆਂ ਗਤੀਵਿਧੀਆਂ ਨਾ ਰੋਕੀਆਂ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਚੈਨਲ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਇਕ ਸਵਾਲ ਦੇ ਜਵਾਬ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਭਾਰਤੀ ਫੇਰੀ ਦੌਰਾਨ ਉਨ੍ਹਾਂ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੁੱਜਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਸਟਿਨ ਟਰੂਡੋ ਦੇ ਸਨਮਾਨ 'ਚ ਸ੍ਰੀ ਦਰਬਾਰ ਸਾਹਿਬ ਦੇ ਪ੍ਰਵੇਸ਼ ਦੁਆਰ ਨੇੜੇ ਇਕ ਸਮਾਗਮ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਹਰਪਾਲ ਸਿੰਘ ਜੱਲਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਨਵਤੇਜ ਸਿੰਘ ਕਾਉਣੀ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਮੀਤ ਸਿੰਘ ਬੂਹ, ਸ. ਗੁਰਤੇਜ ਸਿੰਘ ਢੱਡੇ, ਸ. ਰਵਿੰਦਰ ਸਿੰਘ ਚੱਕ, ਸ. ਸੱਜਣ ਸਿੰਘ ਬੱਜੂਮਾਨ, ਸ. ਹਰਦੇਵ ਸਿੰਘ ਰੋਗਲਾ, ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਚੀਮਾ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਕੇਵਲ ਸਿੰਘ, ਸ. ਪ੍ਰਤਾਪ ਸਿੰਘ, ਸ. ਪਰਮਜੀਤ ਸਿੰਘ ਸਰੋਆ ਤੇ ਸ. ਬਿਜੈ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਤੇ ਹੋਰ ਹਾਜ਼ਰ ਸਨ। 16 ਫਰਵਰੀ



## ਰਸਦਾਂ ਅਤੇ ਹੋਰ ਖਰੀਦਾਂ ਸਬੰਧੀ ਤਿੰਨ ਕੇਂਦਰੀ ਸਟੋਰ ਸਥਾਪਿਤ ਕਰੇਗੀ ਸ਼੍ਰੋਮਣੀ ਕਮੇਟੀ

ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਲਈ ਸਾਹਿਬਾਨ ਲਈ ਰਸਦਾਂ ਅਤੇ ਹੋਰ ਖਰੀਦਾਂ ਸਬੰਧੀ ਤਿੰਨ ਕੇਂਦਰੀ ਸਟੋਰ ਸਥਾਪਿਤ ਕੀਤੇ ਜਾਣਗੇ, ਜਿਥੋਂ ਹਰੇਕ ਗੁਰਦੁਆਰਾ ਸਾਹਿਬਾਨ ਲਈ ਖਰੀਦ ਕੀਤੀ ਜਾ ਸਕੇਗੀ।



## ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ

ਅੰਮ੍ਰਿਤਸਰ- ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸੇ ਦੌਰਾਨ ਅੱਜ ਸ਼੍ਰੋਮਣੀ ਕਮੇਟੀ ਵੱਲੋਂ 'ਸ਼ਹੀਦ ਸਿੱਖ ਮਿਸ਼ਨਰੀ ਕਾਲਜ' ਵਿਖੇ ਸ਼ਹੀਦੀ ਸਾਕੇ ਨੂੰ ਸਮਰਪਿਤ 'ਸਾਕਾ ਨਨਕਾਣਾ ਸਾਹਿਬ : ਪਿਛੋਕੜ ਤੇ ਪ੍ਰਭਾਵ' ਵਿਸ਼ੇ 'ਤੇ ਇਕ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ ਦੁਆਰਾ ਸਿਧਾਂਤਕ ਤੇ ਵਿਹਾਰਕ ਰੂਪ ਵਿਚ ਦ੍ਰਿੜ੍ਹ ਕਰਵਾਇਆ ਗਿਆ ਸਿੱਖ ਫ਼ਲਸਫ਼ਾ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਗੁਰੂ ਸਾਹਿਬ ਵੱਲੋਂ ਦਰਸਾਏ ਫ਼ਲਸਫ਼ੇ ਅਤੇ ਸਿਧਾਂਤਾਂ 'ਤੇ ਚੱਲ ਕੇ ਸ਼ਹਾਦਤਾਂ ਦੇਣ ਵਾਲੇ ਅਣ-ਗਿਣਤ ਸਿੱਖਾਂ ਨਾਲ ਭਰਿਆ ਪਿਆ ਹੈ। ਉਨ੍ਹਾਂ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੌਰਾਨ ਸ਼ਹੀਦ ਹੋਏ ਸਿੰਘਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਸਿੱਖ ਇਤਿਹਾਸ ਦੇ ਇਨ੍ਹਾਂ ਪੰਨਿਆਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਸੈਮੀਨਾਰ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਬਕਾ ਪ੍ਰੋਫ਼ੈਸਰ ਡਾ. ਬਲਕਾਰ ਸਿੰਘ, ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਬਹਾਦਰਗੜ੍ਹ ਪਟਿਆਲਾ ਦੇ ਡਾਇਰੈਕਟਰ ਡਾ. ਚਮਕੌਰ ਸਿੰਘ, ਪ੍ਰਸਿੱਧ ਸਿੱਖ ਵਿਦਵਾਨ ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ ਨੇ ਜਿਥੇ ਸਾਕਾ ਨਨਕਾਣਾ ਸਾਹਿਬ ਦੇ ਪਿਛੋਕੜ ਨੂੰ ਸਰੋਤਿਆਂ ਨਾਲ ਸਾਂਝਾ ਕੀਤਾ ਉਥੇ ਹੀ ਇਸ ਸਾਕੇ ਤੋਂ ਬਾਅਦ ਪਏ ਪ੍ਰਭਾਵਾਂ ਬਾਰੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਤੋਂ ਪਹਿਲਾਂ ਕਾਲਜ ਦੇ ਪ੍ਰਿੰਸੀਪਲ ਸ. ਬਲਦੇਵ ਸਿੰਘ ਨੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਰੋਤਿਆਂ ਦਾ ਸਵਾਗਤ ਕੀਤਾ। ਅੰਤ ਵਿਚ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਪ੍ਰੋ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਧੰਨਵਾਦ ਦੇ ਸ਼ਬਦ ਕਹੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਬੀਬੀ ਕਿਰਨਜੋਤ ਕੌਰ, ਭਾਈ ਰਾਮ ਸਿੰਘ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਵਧੀਕ ਸਕੱਤਰ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਸ. ਬਲਵਿੰਦਰ ਸਿੰਘ ਕਾਹਲਵਾਂ ਮੀਤ ਸਕੱਤਰ, ਸ. ਦਰਸ਼ਨ ਸਿੰਘ ਪੀ.ਏ., ਪ੍ਰਿੰਸੀਪਲ ਬਲਦੇਵ ਸਿੰਘ, ਪ੍ਰੋ. ਮਨਜੀਤ ਕੌਰ, ਪ੍ਰੋ. ਅਮਰਜੀਤ ਕੌਰ, ਪ੍ਰੋ. ਰਵੇਲ ਸਿੰਘ, ਪ੍ਰੋ. ਰਜਵੰਤ ਕੌਰ, ਪ੍ਰਿੰਸੀਪਲ ਰਾਜਪਾਲ ਸਿੰਘ, ਪ੍ਰੋ. ਕਰਨਬੀਰ ਸਿੰਘ, ਭਾਈ ਗੁਰਭਾਗ ਸਿੰਘ ਸਮੇਤ ਵੱਖ-ਵੱਖ ਮਿਸ਼ਨਰੀ ਕਾਲਜਾਂ ਦਾ ਸਟਾਫ਼ ਅਤੇ ਸਿਖਿਆਰਥੀ ਹਾਜ਼ਰ ਸਨ। 21 ਫਰਵਰੀ

### ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ ਗੁਰੂ ਸਾਹਿਬ ਵੱਲੋਂ ਦਿੱਤਾ ਗਿਆ ਫ਼ਲਸਫ਼ਾ-ਭਾਈ ਲੌਂਗੋਵਾਲ

# ਸ੍ਰੀ ਗੁਰੂ ਰਾਮਦਾਸ ਮੈਡੀਕਲ ਸੰਸਥਾ ਵਿਖੇ ਹੋਈ ਛੇਵੀਂ ਕਾਨਵੋਕੇਸ਼ਨ ਮੌਕੇ ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ

ਅੰਮ੍ਰਿਤਸਰ- ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ, ਸ੍ਰੀ ਅੰਮ੍ਰਿਤਸਰ ਦੀ ਛੇਵੀਂ ਕਾਨਵੋਕੇਸ਼ਨ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੇਂਡੂ ਖੇਤਰਾਂ ਵਿਚ ਲੋੜਵੰਦਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਿਛੜੇ ਇਲਾਕਿਆਂ ਅੰਦਰ ਲੋੜਵੰਦਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਮੈਡੀਕਲ ਵੈਨਾਂ ਚਲਾਉਣ ਦਾ ਫ਼ੈਸਲਾ ਕੀਤਾ ਜਾ ਚੁੱਕਾ ਹੈ ਅਤੇ ਇਸ ਕਾਰਜ ਦੀ ਆਰੰਭਤਾ ਵੀ ਬਹੁਤ ਜਲਦ ਕਰ ਦਿੱਤੀ ਜਾਵੇਗੀ। ਭਾਈ ਲੌਂਗੋਵਾਲ ਨੇ ਵੱਖ-ਵੱਖ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਡਾਕਟਰੀ ਪੇਸ਼ਾ ਸਭ ਤੋਂ ਉੱਤਮ ਹੈ ਅਤੇ ਇਸ ਪੇਸ਼ੇ ਨੂੰ ਅਪਨਾਉਣ ਵਾਲੇ ਰੁਜ਼ਗਾਰ ਦੇ ਨਾਲ-ਨਾਲ ਮਨੁੱਖੀ ਸੇਵਾ ਨੂੰ ਵੀ ਪਹਿਲ ਦੇਣ। ਉਨ੍ਹਾਂ ਡਿਗਰੀ ਧਾਰਕਾਂ ਨੂੰ ਪ੍ਰੇਰਣਾ ਦਿੱਤੀ ਕਿ ਸਮਰਪਣ, ਇਮਾਨਦਾਰੀ ਅਤੇ ਮਨੁੱਖੀ ਹਮਦਰਦੀ ਦੀ ਭਾਵਨਾ ਨਾਲ ਸਿਹਤ ਸੇਵਾਵਾਂ ਦੇ ਖੇਤਰ ਵਿਚ ਅੱਗੇ ਵਧਣ।

ਇਸ ਮੌਕੇ ਕਾਨਵੋਕੇਸ਼ਨ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਯੂਨੈਸਕੋ ਚੇਅਰ ਇਨ ਬਾਇਉਏਥਿਕਸ ਹਾਫੀਆ, ਮੈਲਬੋਰਨ ਆਸਟ੍ਰੇਲੀਆ ਅਤੇ ਏਸ਼ੀਆ ਪੈਸੀਫਿਕ ਡਵੀਜ਼ਨ ਦੇ ਮੁਖੀ ਡਾ. ਰਸਲ ਫਰੈਂਕੋ ਡਿਸੂਜਾ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਉੱਤਮ ਹੈ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਨਿਤਰਨ ਵਾਲਿਆਂ ਨੂੰ ਇਹ ਸਿੱਧ ਕਰਨਾ ਪਵੇਗਾ ਕਿ ਉਹ ਖੇਤਰ ਵਿਚ ਸੰਪੰਨ ਹਨ। ਇਸੇ ਨਾਲ ਹੀ ਲੋਕਾਂ ਦਾ ਵਿਸ਼ਵਾਸ ਸਾਡੇ 'ਤੇ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਹਰ ਦਿਨ ਸਿੱਖਣ ਲਈ ਹੈ ਅਤੇ ਮੈਡੀਕਲ ਖੇਤਰ ਵਿਚ ਡਿਗਰੀ ਪ੍ਰਾਪਤ ਕਰ ਲੈਣ ਨਾਲ ਪੜ੍ਹਾਈ ਖ਼ਤਮ ਨਹੀਂ ਸਮਝੀ ਜਾਣੀ ਚਾਹੀਦੀ ਸਗੋਂ ਅਗਲੇਰੇ ਪੜ੍ਹਾਵਾਂ ਵਿਚ ਵੀ ਸਿੱਖਣ ਦੀ ਚਾਹਤ ਮਰਨੀ ਨਹੀਂ ਚਾਹੀਦੀ।



ਇਸ ਤੋਂ ਪਹਿਲਾਂ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਦੇ ਸਕੱਤਰ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ ਅਤੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਬਿਹਤਰ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਸ੍ਰੀ ਗੁਰੂ ਰਾਮਦਾਸ ਮੈਡੀਕਲ ਸਾਇੰਸਜ਼ ਐਂਡ ਰੀਸਰਚ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਮਨਜੀਤ ਸਿੰਘ ਉੱਪਲ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ ਅਤੇ ਸ਼੍ਰੋਮਣੀ ਕਮੇਟੀ ਦੀਆਂ ਸਿਹਤ ਸੇਵਾਵਾਂ ਦੇ ਨਾਲ-ਨਾਲ ਕਾਲਜ ਦੀਆਂ ਪ੍ਰਾਪਤੀਆਂ ਦਾ ਖੁਲਾਸਾ ਵੀ ਕੀਤਾ। ਇਸ ਮੌਕੇ ਡਾ. ਗੀਤਾ ਲਕਸ਼ਮੀ ਆਨਰੇਰੀ ਵਾਈਸ ਚਾਂਸਲਰ ਦਾ ਤਾਮਿਲਨਾਡੂ ਡਾ. ਐਮ.ਜੀ.ਆਰ. ਮੈਡੀਕਲ ਯੂਨੀਵਰਸਿਟੀ ਅਤੇ ਡਾ. ਜੇ.ਐਸ. ਬਮਰਾਹ ਰੀਡਰ ਯੂਨੀਵਰਸਿਟੀ ਆਫ਼ ਮੈਨਚੇਸਟਰ ਨੇ ਗੈਸਟ ਆਫ਼ ਆਨਰ ਵਜੋਂ ਮੌਜੂਦ ਸਨ। ਕਾਨਵੋਕੇਸ਼ਨ ਦੀ ਆਰੰਭਤਾ ਸ਼ਬਦ ਕੀਰਤਨ ਨਾਲ ਹੋਈ।

ਕਾਨਵੋਕੇਸ਼ਨ ਸਮੇਂ ਡਾ. ਰਸਲ ਅਤੇ ਡਾ. ਗੀਤਾ ਲਸ਼ਕਮੀ ਨੇ ਐਮ.ਬੀ.ਬੀ.ਐਸ. ਦੇ 300, ਐਮ.ਡੀ. ਅਤੇ ਐਮ.ਐਸ. ਦੇ 150 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ। ਇਸੇ ਦੌਰਾਨ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਜਜ਼ ਵਿਖੇ ਯੂਨੈਸਕੋ ਬਾਇਉ ਐਥਿਕਲ ਸੈਂਟਰ ਦਾ ਉਦਘਾਟਨ ਵੀ ਕੀਤਾ ਗਿਆ।

ਇਸ ਮੌਕੇ ਡਾ. ਰੂਪ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ, ਸੀਨੀਅਰ ਸਰਜਨ ਅਤੇ ਟਰੱਸਟ ਮੈਂਬਰ ਡਾ. ਹਰਦਾਸ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਡਾ. ਕੁਲਵੰਤ ਸਿੰਘ ਦੇਦ ਵਾਇਸ ਚਾਂਸਲਰ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਡਾ. ਏ. ਪੀ. ਸਿੰਘ ਡੀਨ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਡਾ. ਮਨਜੀਤ ਸਿੰਘ ਉੱਪਲ ਡਾਇਰੈਕਟਰ ਪ੍ਰਿੰਸੀਪਲ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਹਾਇਕ ਸ. ਜਗਜੀਤ ਸਿੰਘ ਜੱਗੀ, ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਡਾ. ਗੁਰਿੰਦਰਮੋਹਨ ਸਿੰਘ, ਡਾ. ਬਲਜੀਤ ਸਿੰਘ, ਸ. ਅਮਨਦੀਪ ਸਿੰਘ ਡਿਪਟੀ ਰਜਿਸ੍ਟਰਾਰ ਅਤੇ ਡਾਕਟਰ ਸਾਹਿਬਾਨ ਮੌਜੂਦ ਸਨ। 26 ਫਰਵਰੀ